ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

www.awazeqaumtv.com

Also On

Visit on facebook

https://www.facebook.com/awazeqaumtv/videos/194895582124531/

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

You Tube https://youtu.be/LQwolgxDu7I

International Daily Newspaper & WEB TV

awazeqaumtvpunjab@gmail.com

ਬੁੱਧਵਾਰ, 20 ਮਾਰਚ 2024 (ਨਾਨਕਸ਼ਾਹੀ ਸੰਮਤ : ੫੫੬, ੭ ਚੇਤਰ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243




## ਪੰਜਾਬ 'ਚ ਵਾਪਰਿਆ ਭਿਆਨਕ ਹਾਦਸਾ, ਫੈਕਟਰੀ 'ਚ ਕੰਮ ਕਰਦੇ ਸਮੇਂ ਲੋਹੇ ਦੀ ਭੱਠੀ 'ਚ ਡਿੱਗੇ 6 ਮਜ਼ਦੂਰ

**ਜਲੰਧਰ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਫਤਿਹਗੜ੍ਹ ਸਾਹਿਬ ਸਥਿਤ ਲੋਹੇ ਦੀ ਇਕ ਫੈਕਟਰੀ 'ਚ ਭਿਆਨਕ ਹਾਦਸਾ ਹੋਣ ਦੀ ਜਾਣਕਾਰੀ ਪ੍ਰਾਪਤ ਹੋਈ ਹੈ। ਏਸ਼ੀਆ ਦੀ ਸਭ ਤੋਂ ਵੱਡੀ ਲੋਹਾ ਮੰਡੀ ਦੇ ਸ਼ਹਿਰ ਸਥਿਤ ਇਕ ਫੈਕਟਰੀ 'ਚ ਮਸ਼ੀਨ ਦਾ ਪਟਾ ਟੁੱਟ ਜਾਣ ਕਾਰਨ ਇਹ ਹਾਦਸਾ ਵਾਪਰਿਆ ਹੈ, ਜਿਸ ਕਾਰਨ ਕਈ ਮਜ਼ਦੂਰ ਗੰਭੀਰ ਰੂਪ 'ਚ ਜ਼ਖ਼ਮੀ ਹੋਏ ਹਨ। ਜਾਣਕਾਰੀ ਮੁਤਾਬਕ ਮਸ਼ੀਨ ਦੀ ਕੁੰਡੀ ਟੁੱਟ ਕੇ ਹੇਠਾਂ ਡਿਗ ਗਈ, ਜਿਸ ਕਾਰਨ 6 ਮਜ਼ਦੂਰ ਲੋਹੇ ਦੀ ਭੱਠੀ 'ਚ ਡਿਗ ਗਏ ਹਨ, ਜਿਸ ਕਾਰਨ ਉਹ ਗੰਭੀਰ ਰੂਪ 'ਚ ਜ਼ਖ਼ਮੀ ਹੋਏ ਹਨ। ਇਸ ਦੌਰਾਨ ਜ਼ਖ਼ਮੀਆਂ ਨੂੰ ਸਰਕਾਰੀ ਹਸਪਤਾਲ ਵਿਖੇ ਇਲਾਜ ਲਈ ਦਾਖ਼ਲ ਕਰਵਾਇਆ ਗਿਆ ਸੀ, ਪਰ ਹਾਲਤ ਗੰਭੀਰ ਹੋਣ ਕਾਰਨ ਉਨ੍ਹਾਂ ਨੂੰ ਲੁਧਿਆਣਾ ਦੇ ਹਸਪਤਾਲ ਵਿਖੇ ਰੈਫਰ ਕਰ ਦਿੱਤਾ ਗਿਆ ਹੈ। ਜਿੱਥੇ ਡਾਕਟਰਾਂ ਨੇ ਦੱਸਿਆ ਹੈ ਕਿ ਮਜ਼ਦੂਰਾਂ ਦੀ ਉਪਰਲੀ ਚਮੜੀ ਸੜ ਕੇ ਬੁਰੀ ਤਰ੍ਹਾਂ ਖ਼ਰਾਬ ਹੋ ਗਈ ਹੈ। ਇਸ ਹਾਦਸੇ ਦੌਰਾਨ ਕੁੰਡੀ ਟੁੱਟ ਕੇ ਹੇਠਾਂ ਡਿਗ ਜਾਣ ਕਾਰਨ ਪਿਘਲੇ ਹੋਏ ਲੋਹੇ ਦੇ ਛਿੱਟੇ ਕੋਲ ਖੜ੍ਹੇ ਕਈ ਮਜ਼ਦੂਰਾਂ 'ਤੇ ਵੀ ਡਿੱਗ ਗਏ, ਜਿਸ ਕਾਰਨ ਉਹ ਵੀ ਜ਼ਖ਼ਮੀ ਹੋ ਗਏ ਹਨ। ਹਾਦਸੇ ਦੌਰਾਨ ਫੈਕਟਰੀ 'ਚ ਬੁਰੀ ਤਰ੍ਹਾਂ ਚੀਕ-ਚਿਹਾੜਾ ਪੈ ਗਿਆ ਸੀ। ਹਰ ਪਾਸੇ ਮਜ਼ਦੂਰ ਤੜਫ਼ਦੇ ਹੋਏ ਦਿਖਾਈ ਦੇ ਰਹੇ ਸਨ।

### ਹਰ ਪਾਰਟੀ ਕਰ ਰਹੀ ਫੋਕਸ

# ਪੰਜਾਬ 'ਚ ਦਲਿਤ ਵੋਟਰਾਂ ਬਿਨਾਂ ਨਹੀਂ ਚੱਲ ਸਕਦੀ ਸਿਆਸਤ ਦੀ ਗੱਡੀ

**ਨਵੀਂ ਦਿੱਲੀ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਪੂਰੇ ਦੇਸ਼ ਸਮੇਤ ਪੰਜਾਬ 'ਚ ਵੀ ਲੋਕ ਸਭਾ ਚੋਣਾਂ ਦਾ ਐਲਾਨ ਹੋ ਚੁੱਕਾ ਹੈ ਅਤੇ ਆਪਣੀ ਜਿੱਤ ਲਈ ਹਰ ਪਾਰਟੀ ਆਪੋ-ਆਪਣੇ ਤਰੀਕੇ ਨਾਲ ਜ਼ੋਰ ਲਾ ਰਹੀ ਹੈ। ਜੇਕਰ ਪੰਜਾਬ ਦੀਆਂ 13 ਸੀਟਾਂ ਦੀ ਗੱਲ ਕਰੀਏ ਤਾਂ ਇਨ੍ਹਾਂ 'ਚੋਂ 4 ਸੀਟਾਂ ਜਲੰਧਰ, ਹੁਸ਼ਿਆਰਪੁਰ, ਫਰੀਦਕੋਟ ਅਤੇ ਫਤਿਹਗੜ੍ਹ ਸਾਹਿਬ ਸੀਟਾਂ ਰਾਖਵੀਆਂ ਹਨ, ਜਿਨ੍ਹਾਂ 'ਤੇ ਦਲਿਤ ਭਾਈਚਾਰੇ ਦਾ ਦਬਦਬਾ ਹੈ। ਇਸ ਤਰ੍ਹਾਂ ਲੋਕ ਸਭਾ ਚੋਣਾਂ ਦੌਰਾਨ ਵੀ ਹਰ ਪਾਰਟੀ ਦਾ ਫੋਕਸ ਪੰਜਾਬ ਦੇ ਦਲਿਤ ਭਾਈਚਾਰੇ 'ਤੇ ਹੈ ਅਤੇ ਹਰ ਪਾਰਟੀ ਆਪੋ-ਆਪਣੇ ਤਰੀਕੇ ਨਾਲ ਦਲਿਤ ਭਾਈਚਾਰੇ ਨੂੰ ਲੁਭਾਉਣ ਦੀਆਂ ਕੋਸ਼ਿਸ਼ਾਂ ਕਰਦੀ ਦਿਖਾਈ ਦੇਵੇਗੀ।



ਪੰਜਾਬ ਦੀ ਸਿਆਸਤ ਦੀ ਗੱਡੀ ਦਲਿਤ ਵੋਟਰਾਂ ਨੂੰ ਅਣਦੇਖਿਆਂ ਕਰਕੇ ਨਹੀਂ ਚੱਲ ਸਕਦੀ। ਇਸ ਭਾਈਚਾਰੇ 'ਚੋਂ ਹੁਸ਼ਿਆਰਪੁਰ 'ਚ ਕੋਈ ਨਾ ਕੋਈ ਕੇਂਦਰੀ ਮੰਤਰੀ ਜ਼ਰੂਰ ਹੁੰਦਾ ਹੈ। ਸਾਲ 2013 'ਚ ਹੁਸ਼ਿਆਰਪੁਰ ਤੋਂ ਸੰਤੋਸ਼ ਚੌਧਰੀ ਕੇਂਦਰੀ ਸਿਹਤ ਰਾਜ ਮੰਤਰੀ ਬਣੀ ਸੀ। ਸਾਲ 2014 'ਚ ਵਿਜੇ ਸਾਂਪਲਾ ਕੇਂਦਰੀ ਮੰਤਰੀ ਬਣੇ ਸਨ ਅਤੇ ਹੁਣ ਸੋਮ ਪ੍ਰਕਾਸ਼ ਕੇਂਦਰੀ ਮੰਤਰੀ ਹਨ। ਜੇਕਰ 4 ਰਿਜ਼ਰਵ ਸੀਟਾਂ ਦੀ ਗੱਲ ਕਰੀਏ ਤਾਂ ਜਲੰਧਰ 'ਚ 39.9 ਫ਼ੀਸਦੀ ਦਲਿਤ ਭਾਈਚਾਰਾ ਹੈ, ਜਦੋਂ ਕਿ ਹੁਸ਼ਿਆਰਪੁਰ 'ਚ 33.3 ਫ਼ੀਸਦੀ, ਫਰੀਦਕੋਟ 'ਚ 34 ਫ਼ੀਸਦੀ ਅਤੇ ਫਤਿਹਗੜ੍ਹ ਸਾਹਿਬ 'ਚ 33.1 ਫ਼ੀਸਦੀ ਦਲਿਤ ਭਾਈਚਾਰੇ ਦੇ ਲੋਕ ਰਹਿੰਦੇ ਹਨ। ਅੰਮ੍ਰਿਤਸਰ 'ਚ 29.6 ਫ਼ੀਸਦੀ, ਅਨੰਦਪੁਰ ਸਾਹਿਬ 'ਚ 31.3 ਫ਼ੀਸਦੀ, ਬਠਿੰਡਾ 'ਚ 34 ਫ਼ੀਸਦੀ, ਫਿਰੋਜ਼ਪੁਰ 'ਚ 43.1 ਫ਼ੀਸਦੀ, ਗੁਰਦਾਸਪੁਰ 'ਚ 25 ਫ਼ੀਸਦੀ, ਖਡੂਰ ਸਾਹਿਬ 'ਚ 35.3 ਫ਼ੀਸਦੀ, ਲੁਧਿਆਣਾ 'ਚ 23.4 ਫ਼ੀਸਦੀ, ਪਟਿਆਲਾ 'ਚ 23.7 ਫ਼ੀਸਦੀ ਅਤੇ ਸੰਗਰੂਰ 'ਚ 29.3 ਫ਼ੀਸਦੀ ਦਲਿਤ ਭਾਈਚਾਰਾ ਹੈ।

## ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ BJP 'ਚ ਸ਼ਾਮਲ, ਅੰਮ੍ਰਿਤਸਰ ਤੋਂ ਹੋ ਸਕਦੇ ਨੇ ਉਮੀਦਵਾਰ !

**ਨਵੀਂ ਦਿੱਲੀ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ 'ਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਭਾਜਪਾ 'ਚ ਸ਼ਾਮਲ ਹੋ ਗਏ ਹਨ। 1988 ਬੈਚ ਦੇ ਭਾਰਤੀ ਵਿਦੇਸ਼ ਸੇਵਾ (ਆਈ.ਐੱਫ.ਐੱਸ.) ਅਧਿਕਾਰੀ ਅੰਮ੍ਰਿਤਸਰ ਦੇ ਰਹਿਣ ਵਾਲੇ ਹਨ। ਭਾਜਪਾ 'ਚ ਸ਼ਾਮਲ ਹੋਣ ਤੋਂ ਬਾਅਦ ਤਰਨਜੀਤ ਸਿੰਘ ਸੰਧੂ ਨੇ ਕਿਹਾ ਕਿ ਪਿਛਲੇ 10 ਸਾਲਾਂ 'ਚ ਮੈਂ ਪੀ.ਐੱਮ. ਮੋਦੀ ਦੇ ਅਗਵਾਈ ਦੇ ਨਾਲ ਮਿਲ ਕੇ ਕੰਮ ਕੀਤਾ ਹੈ, ਖਾਸ ਕਰਕੇ ਅਮਰੀਕਾ ਅਤੇ ਸ਼੍ਰੀਲੰਕਾ ਦੇ ਨਾਲ। ਅੱਜ ਵਿਕਾਸ ਦੀ ਬਹੁਤ ਲੋੜ ਹੈ ਅਤੇ ਇਹ ਵਿਕਾਸ ਅੰਮ੍ਰਿਤਸਰ ਤਕ ਵੀ ਪਹੁੰਚਣਾ ਚਾਹੀਦਾ ਹੈ। ਇਸ ਲਈ ਮੈਂ ਪਾਰਟੀ ਪ੍ਰਧਾਨ, ਪ੍ਰਧਾਨ ਮੰਤਰੀ ਮੋਦੀ, ਗ੍ਰਹਿ ਮੰਤਰੀ ਦਾ ਧੰਨਵਾਦ ਕਰਦਾ ਹੈ, ਜਿਨ੍ਹਾਂ ਨੇ ਮੈਨੂੰ ਦੇਸ਼ ਦੀ ਸੇਵਾ ਦੇ ਨਵੇਂ ਰਸਤੇ 'ਤੇ ਜਾਣ ਲਈ ਉਤਸ਼ਾਹਿਤ ਕੀਤਾ, ਜਿਸ ਵਿਚ ਮੈਂ ਐਂਟਰੀ ਕਰ ਰਿਹਾ ਹੈ। ਦੱਸ ਦੇਈਏ ਕਿ ਪਿਛਲੇ ਦਿਨਾਂ ਤੋਂ ਹੀ ਸੰਧੂ ਨੇ ਦਿੱਲੀ 'ਚ ਕੇਂਦਰੀ ਮੰਤਰੀਆਂ ਅਤੇ ਅਧਿਕਾਰੀਆਂ ਨਾਲ ਮੁਲਾਕਾਤ ਕਰਕੇ ਵਿਕਾਸ ਦਾ ਮੁੱਦਾ ਉਠਾਇਆ ਸੀ। ਸੱਭਿਆਚਾਰ ਮੰਤਰਾਲੇ ਦੇ ਸਕੱਤਕ ਗੋਵਿੰਦ ਮੋਹਨ ਨਾਲ ਮੁਲਾਕਾਤ ਦੌਰਾਨ ਉਨ੍ਹਾਂ ਸ਼ੇਰ-ਏ-ਪੰਜਾਬ ਮਹਾਰਾਜਾ ਰਣਜੀਤ ਸਿੰਘ ਨਾਲ ਸਬੰਧਤ ਸਮਾਰਕਾਂ ਖਾਸ ਕਰਕੇ ਅੰਮ੍ਰਿਤਸਰ ਅਤੇ ਬਟਾਲਾ ਦੀ ਸਥਿਤੀ ਸਮਾਰਕਾਂ ਦੀ ਖ਼ਸਤਾ ਹਾਲਤ ਦਾ ਮੁੱਦਾ ਉਠਾਇਆ। ਇਸ ਕਾਰਨ ਕੇਂਦਰੀ ਸੱਭਿਆਚਾਰਕ ਮੰਤਰਾਲੇ ਨੇ 2 ਕਰੋੜ 76 ਲੱਖ ਰੁਪਏ ਦੀ ਲਾਗਤ ਨਾਲ ਇਨ੍ਹਾਂ ਇਤਿਹਾਸਕ ਵਿਰਾਸਤੀ ਸਮਾਰਕਾਂ ਦੀ ਸਾਂਭ ਸੰਭਾਲ ਲਈ ਲੋੜੀਂਦੀ ਕਾਰਵਾਈ ਕਰਨ ਦਾ ਐਲਾਨ ਕੀਤਾ ਸੀ। ਇਸ ਦੇ ਨਾਲ ਹੀ ਸੰਧੂ ਨੇ ਭਾਰਤ ਸਰਕਾਰ ਦੇ ਸਿੱਖਿਆ, ਹੁਨਰ ਵਿਕਾਸ ਅਤੇ ਉੱਦਮਤਾ ਮੰਤਰੀ ਧਰਮਿੰਦਰ ਪ੍ਰਧਾਨ ਨਾਲ ਮੁਲਾਕਾਤ ਕਰਕੇ ਅੰਮ੍ਰਿਤਸਰ ਲਈ ਆਈ.ਆਈ.ਟੀ. ਮੰਗ ਕੀਤੀ ਸੀ।



## ਜਲੰਧਰ 'ਚ ਨਜਾਇਜ਼ ਕਲੋਨੀਆਂ 'ਤੇ ਚੱਲਿਆ ਬੁਲਡੋਜ਼ਰ, ਮੰਤਰੀ ਨੇ ਦਿੱਤੇ ਸੀ ਹੁਕਮ



**ਜਲੰਧਰ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਨਗਰ ਨਿਗਮ ਦੇ ਬਿਲਡਿੰਗ ਵਿਭਾਗ ਵੱਲੋਂ ਨਜਾਇਜ਼ ਕਲੋਨੀਆਂ ਵਿਰੁੱਧ ਕਾਰਵਾਈ ਕਰਨ ਦਾ ਮਾਮਲਾ ਸਾਹਮਣੇ ਆਇਆ ਹੈ। ਮੰਗਲਵਾਰ ਨੂੰ ਏਟੀਪੀ ਸੁਖਦੇਵ ਦੀ ਅਗਵਾਈ ਹੇਠ ਟੀਮ ਨੇ ਕਾਰਵਾਈ ਕਰਦਿਆਂ ਅਲੀਪੁਰ, ਜਲੰਧਰ ਐਵੀਨਿਊ ਐਕਸਟੈਨਸ਼ਨ ਵਿੱਚ ਬਣ ਰਹੀ ਨਾਜਾਇਜ਼ ਕਲੋਨੀ ਨੂੰ ਢਾਹ ਦਿੱਤਾ ਹੈ। ਦੱਸ ਦਈਏ ਕਿ ਨਗਰ ਨਿਗਮ ਵੱਲੋਂ ਦੋਹਾਂ ਕਲੋਨੀਆਂ ਨੂੰ ਨੋਟਿਸ ਦਿੱਤੇ ਗਏ ਸਨ ਪਰ ਫਿਰ ਵੀ ਉਨ੍ਹਾਂ ਨੇ ਉਸਾਰੀ ਦਾ ਕੰਮ ਬੰਦ ਨਹੀਂ ਕੀਤੀ ਸੀ ਜਿਸ ਕਰਕੇ ਅੱਜ ਇਸ ਕਾਰਵਾਈ ਨੂੰ ਅੰਜਾਮ ਦੇਣਾ ਪਿਆ। ਬਿਲਡਿੰਗ ਵਿਭਾਗ ਦੇ ਏ.ਟੀ.ਪੀ.-1 ਸੁਖਦੇਵ ਵਿਸ਼ਿਸ਼ਟ ਨੇ ਦੱਸਿਆ ਕਿ ਨਗਰ ਨਿਗਮ ਦੇ ਕਮਿਸ਼ਨਰ ਗੌਤਮ ਜੈਨ ਨੇ ਸ਼ਹਿਰ ਵਿੱਚ ਹੋ ਰਹੀਆਂ ਨਜਾਇਜ਼ ਉਸਾਰੀਆਂ ਨੂੰ ਲੈ ਕੇ ਸਖ਼ਤ ਹਦਾਇਤਾਂ ਦਿੱਤੀਆਂ ਸਨ। ਇਸ ਨੂੰ ਧਿਆਨ ਵਿੱਚ ਰੱਖਦਿਆਂ ਹੋਇਆਂ ਮੰਗਲਵਾਰ ਨੂੰ ਢਾਹੁਣ ਦੀ ਕਾਰਵਾਈ ਕੀਤੀ ਗਈ। ਕਿਸ਼ੋਰ ਨੇ ਸਭ ਤੋਂ ਪਹਿਲਾਂ ਅਲੀਪੁਰ ਸਥਿਤ ਆਜ਼ਾਦ ਕਾਲੋਨੀ 'ਤੇ ਕਾਰਵਾਈ ਕੀਤੀ। ਨਗਰ ਨਿਗਮ ਨੇ ਕਰੀਬ ਤਿੰਨ ਏਕੜ ਵਿੱਚ ਬਣੀ ਕਲੋਨੀ ਨੂੰ ਬੁਲਡੋਜ਼ਰ ਨਾਲ ਢਾਹ ਦਿੱਤਾ। ਜਿਸ ਤੋਂ ਬਾਅਦ ਅਗਲੀ ਕਾਰਵਾਈ ਜਲੰਧਰ ਐਵੇਨਿਊ ਐਕਸਟੈਨਸ਼ਨ 'ਚ ਕੱਟੀ ਗਈ ਨਜਾਇਜ਼ ਕਾਲੋਨੀ 'ਚ ਕੀਤੀ ਗਈ। ਇਸ ਦੌਰਾਨ ਕਲੋਨੀ ਦੀਆਂ ਕਈ ਸੜਕਾਂ ਨੂੰ ਢਾਹ ਦਿੱਤਾ ਗਿਆ। ਏਟੀਪੀ ਸੁਖਵੇਦ ਨੇ ਦੱਸਿਆ ਕਿ ਦੋਵੇਂ ਕਲੋਨੀਆਂ ਵਿੱਚ ਬਿਨਾਂ ਮਨਜ਼ੂਰੀ ਤੋਂ ਕੰਮ ਚੱਲ ਰਿਹਾ ਸੀ। ਦੱਸ ਦਈਏ ਕਿ ਬੀਤੇ ਦਿਨੀਂ ਪੰਜਾਬ ਨਗਰ ਨਿਗਮ ਦੇ ਮੰਤਰੀ ਬਲਕਾਰ ਸਿੰਘ ਨੇ ਨਗਰ ਨਿਗਮ ਕਮਿਸ਼ਨਰ ਗੌਤਮ ਜੈਨ ਅਤੇ ਹੋਰ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਸੀ। ਜਿਸ ਵਿੱਚ ਉਨ੍ਹਾਂ ਸਖ਼ਤ ਆਦੇਸ਼ ਦਿੱਤੇ ਸਨ ਕਿ ਸ਼ਹਿਰ ਵਿੱਚ ਜਿੱਥੇ ਵੀ ਨਜਾਇਜ਼ ਉਸਾਰੀਆਂ ਹੋ ਰਹੀਆਂ ਹਨ, ਉਨ੍ਹਾਂ 'ਤੇ ਕਾਰਵਾਈ ਕੀਤੀ ਜਾਵੇ। ਕਿਉਂਕਿ ਜ਼ਿਲ੍ਹੇ ਵਿੱਚ ਨਜਾਇਜ਼ ਉਸਾਰੀਆਂ ਕਾਰਨ ਸਰਕਾਰ ਨੂੰ ਕਰੋੜਾਂ ਰੁਪਏ ਦਾ ਘਾਟਾ ਪੈ ਰਿਹਾ ਹੈ। ਜਿਸ ਤੋਂ ਬਾਅਦ ਟੀਮ ਨੇ ਕਾਰਵਾਈ ਸ਼ੁਰੂ ਕਰ ਦਿੱਤੀ।

ਆਵਾਜ਼ਿ ਕੌਮ

Daily Newspaper from U.K.

Publisher/Chief Editor

**Raghbir Singh Walsal**

E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7I

Contact :

+447458381111

+447976210161

+919729091243

ਆਵਾਜ਼ਿ ਕੌਮ AWAZE QAUM TV




ਭਾਈ ਰਘਵੀਰ ਸਿੰਘ ਵਾਲਸਾਲ

ਯੂ.ਕੇ. ਮੁੱਖ ਸੰਪਾਦਕ

Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। -ਸੰਪਾਦਕ

## ਪੰਜਾਬ ਭਰ 'ਚ ਜਾਅਲੀ ਦਸਤਾਵੇਜ਼ ਬਣਾਕੇ ਵੇਚਣ ਵਾਲੇ ਗੈਂਗ ਦਾ ਪਰਦਾਫਾਸ਼, ਕਿਤੇ ਤੁਸੀਂ ਤਾਂ ਨਹੀਂ ਹੋ ਗਏ ਸ਼ਿਕਾਰ ?




**ਜਲੰਧਰ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਜਲੰਧਰ ਸਿਟੀ ਪੁਲਿਸ ਨੇ ਜਾਅਲੀ ਲਾਇਸੈਂਸ ਤੇ ਹੋਰ ਦਸਤਾਵੇਜ਼ ਬਣਾਉਣ ਵਾਲੇ ਇੱਕ ਗਿਰੋਹ ਦਾ ਪਰਦਾਫਾਸ਼ ਕੀਤਾ ਹੈ। ਪੁਲਿਸ ਨੇ ਗਿਰੋਹ ਦੇ ਇੱਕ ਮੈਂਬਰ ਨੂੰ ਗ੍ਰਿਫ਼ਤਾਰ ਕੀਤਾ ਹੈ ਜਿਸ ਕੋਲੋਂ ਇੱਕ ਲੈਪਟਾਪ, ਦੋ ਪ੍ਰਿੰਟਰ, ਸਟੈਂਪ ਪੇਪਰ, 159 ਵਾਹਨ ਬੀਮੇ, 222 ਵਾਹਨਾਂ ਦੇ ਸਰਟੀਫਿਕੇਟ, 57 ਆਰਸੀ ਟ੍ਰਾਂਸਫਰ ਦੀਆਂ ਫਾਇਲਾਂ, 35 ਪੰਜੀਕਰਨ ਸਰਟੀਫਿਕੇਟ ਤੇ 180 ਦਰਖਾਸਤ ਫਾਰਮ ਅਤੇ ਹੋਰ ਸਮਾਨ ਬਰਾਮਦ ਕਰ ਲਿਆ ਗਿਆ ਹੈ। ਜ਼ਿਕਰ ਕਰ ਦਈਏ ਕਿ ਥਾਣਾ ਡਵੀਜ਼ਨ ਨੰਬਰ 8 ਦੀ ਪੁਲਿਸ ਨੇ ਆਰੋਪੀਆਂ ਖ਼ਿਲਾਫ ਮਾਮਲਾ ਦਰਜ ਕਰ ਲਿਆ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀ ਦੀ ਪਛਾਣ ਅਰਵਿੰਦ ਕੁਮਾਰ ਵਾਸੀ ਉਪਕਾਰ ਨਗਰ ਵਜੋਂ ਹੋਈ ਹੈ ਜਿਸ ਨੂੰ ਛੇਤੀ ਹੀ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾਵੇਗਾ। ਇਸ ਬਾਬਤ ਏਡੀਸੀਪੀ ਪ੍ਰਤਾਪ ਸਿੰਘ ਸਹੋਤਾ ਨੇ ਦੱਸਿਆ ਕਿ ਪੁਲਿਸ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਇੱਕ ਗਿਰੋਹ ਜਾਅਲੀ ਡਰਾਈਵਿੰਗ ਲਾਇਸੈਂਸ ਤੇ ਰਜਿਸਟ੍ਰੇਸ਼ਨ ਸਰਟੀਫਿਕੇਟ ਬਣਾਉਣ ਵਿੱਚ ਸ਼ਾਮਲ ਹੈ ਜੋ ਕਿ ਸ਼ਹਿਰ ਦੇ ਕਈ ਲੋਕਾਂ ਨੂੰ ਠੱਗ ਚੁੱਕਿਆ ਹੈ। ਇਹ ਵੀ ਜਾਂਚ ਦੌਰਾਨ ਸਾਹਮਣੇ ਆਇਆ ਕਿ ਇਹ ਆਰਟੀਓ ਤੇ ਆਵਾਜਾਈ ਵਿਭਾਗ ਦੇ ਕਰਮਚਾਰੀਆਂ ਦੀ ਮਦਦ ਨਾਲ ਇਹ ਕੰਮ ਚਲਾ ਰਿਹਾ ਸੀ। ਇਸ ਦੇ ਆਧਾਰ ਉੱਤੇ ਪੁਲਿਸ ਨੇ ਅਣਪਛਾਤੇ ਲੋਕਾਂ ਖ਼ਿਲਾਫ਼ ਮਾਮਲਾ ਦਰਜ ਕਰਕੇ ਮਾਮਲੇ ਦੀ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਆਪੋਰੀਆਂ ਦੀ ਨੈਟਵਰਕ ਪੂਰੇ ਪੰਜਾਬ ਵਿੱਚ ਫੈਲਿਆ ਹੋਇਆ ਸੀ। ਸ਼ੁਰੂਆਤੀ ਜਾਂਚ ਵਿੱਚ ਅਰਵਿੰਦ ਕੁਮਾਰ ਦੇ ਨਾਮ ਸਾਹਮਣੇ ਆਇਆ ਜਿਸ ਤੋਂ ਬਾਅਦ ਦੀ ਗ੍ਰਿਫ਼ਤਾਰੀ ਹੋਈ ਹੈ ਜਿਸ ਤੋਂ ਬਾਅਦ ਉਸ ਤੋਂ ਪੁੱਛਗਿੱਛ ਹੋ ਰਹੀ ਹੈ। ਪੁਲਿਸ ਅਧਿਕਾਰੀ ਨੇ ਦੱਸਿਆ ਕਿ ਫਿਲਹਾਲ ਦੋਸ਼ੀ ਨੇ ਇਸ ਗੱਲ ਦਾ ਖ਼ੁਲਾਸਾ ਨਹੀਂ ਕੀਤਾ ਹੈ ਕਿ ਉਹ ਕਿੰਨੇ ਰੁਪਇਆਂ ਵਿੱਚ ਇਹ ਸਰਟੀਫਿਕੇਟ ਬਣਾਕੇ ਦਿੰਦਾ ਸੀ।

ਘੜੀਐ ਸਬਦੁ ਸਚੀ ਟਕਸਾਲ ॥

ਵਾਹਿਗੁਰੂ ਜੀ ਕਾ ਖਾਲਸਾ। ਵਾਹਿਗੁਰੂ ਜੀ ਕੀ ਫਤਿਹ॥

# ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ ਵਿਖੇ

## Gurdwara Sahib Shaeed Baba Deep Singh ji Casalmorano Cremona (Italy)



## ਹੋਲਾ ਮਹੱਲਾ ਸ਼੍ਰੀ ਅਨੰਦਪੁਰ ਸਾਹਿਬ ਜੀ

## ਹੋਲੇ ਮਹੱਲੇ ਨੂੰ ਸਮਰਪਿਤ

# ਵਿਸ਼ਾਲ ਨਗਰ ਕੀਰਤਨ ਕਾਜ਼ਲਮੋਰਾਨੋ

**23 ਮਾਰਚ 2024 ਸਨੀਵਾਰ ਗੁਰਦੁਆਰਾ ਸਾਹਿਬ ਤੋ ਨਗਰ ਕੀਰਤਨ ਦੀ ਅਰੰਭਤਾ 12 ਵਜੇਂ ਹੋਵੇਗੀ ਅਤੇ ਗੁਰਦੁਆਰਾ ਸਾਹਿਬ ਵਿਖੇ ਹੀ ਸ਼ਾਮ 5 ਵਜੇ ਸਮਾਪਤੀ ਹੋਵੇਗੀ।**

ਨਗਰ ਕੀਰਤਨ ਵਿੱਚ ਸ਼ਮੂਲੀਅਤ ਸਿੱਖ ਪ੍ਰਚਾਰਕ ਕਥਾ ਵਾਚਕ, ਰਾਗੀ ਸਿੰਘ ਕਵੀਸ਼ਰੀ,ਢਾਡੀ ਜਥੇ ਵਾਰਾਂ ਰਾਹੀਂ ਗੁਰਬਾਣੀ ਗੁਰ ਇਤਿਹਾਸ ਅਤੇ ਸਿੱਖ ਇਤਿਹਾਸ ਨਾਲ ਸੰਗਤਾਂ ਨੂੰ ਜੋੜਨਾ ਕਰਨਗੇ।

ਪ੍ਰਬੰਧਕ ਸੇਵਾਦਾਰਾਂ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਿੰਘਾਂ ਅਤੇ ਇਲਾਕਾ ਨਿਵਾਸੀ ਸਮੂੰਹ ਸਾਧ ਸੰਗਤਾਂ ਵੱਲੋਂ ਸੇਵਾ ਨਿਭਾਈ ਜਾਂਦੀ ਹੈ।

ਗੁਰੂ ਕਾ ਲੰਗਰ ਅਤੁੱਟ ਵਰਤੇਗਾ

ਜ਼ਰੂਰੀ ਬੇਨਤੀ : ਗੱਤਕੇ ਦੀ ਸਿਖਲਾਈ ਹਰ ਐਤਵਾਰ 11:00 ਤੋਂ 1 : 00 ਵਜੇ ਤੱਕ ਦਿੱਤੀ ਜਾਂਦੀ ਹੈ।

★ ਗੁਰੂ ਪੰਥ ਦੇ ਦਾਸਰੇ ★

**ਸਾਧ ਸੰਗਤ, ਪ੍ਰਬੰਧਕ ਕਮੇਟੀ**

**ਗੁਰਦੁਆਰਾ ਸਾਹਿਬ ਸ਼ਹੀਦ ਬਾਬਾ ਦੀਪ ਸਿੰਘ ਜੀ ਕਾਜਲਮਰਾਨੋ ਕਰਮੋਨਾ ਇਟਲੀ**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ:-

ਭਾਈ ਪ੍ਰਗਟ ਸਿੰਘ (ਪ੍ਰਧਾਨ) 00393208124778

ਭਾਈ ਬਲਰਾਮ ਸਿੰਘ +393885751594

ਭਾਈ ਪ੍ਰਭਜੀਤ ਸਿੰਘ ਆਜਾਨੇਲੋ +393881079260

☛ਸ਼ੇਅਰ ਜ਼ਰੂਰੀ ਕਰਨਾ ਜੀ

☛ ਸਿੱਖ ਸੰਗਤਾਂ ਦੇ ਚਰਨਾਂ ਵਿੱਚ ਬੇਨਤੀ ਹੈ ਆਪਣਾ ਕੀਮਤੀ ਸਮਾਂ ਕੱਢ ਕੇ ਨਗਰ ਕੀਰਤਨ ਪਹੁੰਚਣ ਦੀ ਕ੍ਰਿਪਾਲਤਾ ਕਰੋ ਜੀ।

**Gurdwara Sahib Shaeed Baba Deep Singh ji Damdami Taksaal**

Via Giacomo Matteotti 3Cap

26020Casalmorano Cremona (IT)

E-mail : gur.damdamitaksaalitaly@gmail.com

Call+393475711755 / 3208124778




# ਜ਼ਿਲ੍ਹਾ ਪ੍ਰੋਗਰਾਮ ਅ.ਫ਼ਸਰ ਨੇ ਫੋਸਟਰ ਕੇਅਰ ਬਾਰੇ ਜਾਣਕਾਰੀ ਸਾਂਝੀ ਕੀਤੀ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ ,19 ਮਾਰਚ (ਕੁਲਜੀਤ ਸਿੰਘ ਖੋਖਰ)**-ਜ਼ਿਲ੍ਹਾ ਪ੍ਰੋਗਰਾਮ ਅ.ਫ਼ਸਰ ਗੁਰਦਾਸਪੁਰ ਸੁਮਨਦੀਪ ਕੌਰ ਨੇ ਫੋਸਟਰ ਕੇਅਰ ਬਾਰੇ ਵਿਸਥਾਰ ਵਿੱਚ ਜਾਣਕਾਰੀ ਸਾਂਝੀ ਕੀਤੀ ਹੈ। ਉਨ੍ਹਾਂ ਕਿਹਾ ਕਿ ਫੋਸਟਰ ਕੇਅਰ ਅਰਥ ਹੈ, ਕਿਸੇ ਬੱਚੇ ਲਈ ਜਿਸ ਦੇ ਪਰਿਵਾਰਕਿ ਹਾਲਾਤ ਠੀਕ ਨਾ ਹੋਣ, ਖ਼ਾਸ ਕਰਕੇ ਬੱਚੇ ਦੇ ਮਾਤਾ ਪਿਤਾ ਦੀ ਮੌਤ ਹੋ ਗਈ ਹੋਵੇ, ਉਹ ਬੱਚੇ ਜਿਹਨਾ ਦੇ ਮਾਤਾ ਪਿਤਾ ਗੰਭੀਰ ਰੂਪ ਵਿੱਚ ਬਿਮਾਰ ਅਤੇ ਆਪਣੇ ਬੱਚੇ ਦੀ ਦੇਖ-ਭਾਲ ਕਰਨ ਵਿੱਚ ਅਸਮਰੱਥ ਹਨ, ਜਿਨ੍ਹਾਂ ਦੇ ਮਾਤਾ ਪਿਤਾ ਮਾਨਸਿਕ ਤੌਰ ਤੇ ਬਿਮਾਰ ਹਨ ਅਤੇ ਆਪਣੇ ਬੱਚੇ ਦੀ ਦੇਖਭਾਲ ਕਰਨ ਵਿੱਚ ਅਸਮਰਥ ਹਨ, ਜਿਨ੍ਹਾਂ ਦੇ ਇੱਕ ਜਾਂ ਦੋਵੇਂ ਮਾਤਾ ਪਿਤਾ ਜੇਲ੍ਹ ਵਿੱਚ ਹਨ, ਜੋ ਸਰੀਰਕ ਭਾਵਨਾਤਮਕ ਜਾਂ ਜਿਨਸੀ ਸ਼ੋਸ਼ਣ ਜਾਂ ਕੁਦਰਤੀ/ਮਨੁੱਖੀ ਨਿਰਮਿਤ ਆਫ਼ਤਾਂ, ਆਦਿ ਦਾ ਸ਼ਿਕਾਰ ਹਨ ਜਾਂ ਬੇਸਹਾਰਾ ਹਨ ਜਾਂ ਬਾਲ ਘਰਾਂ ਵਿੱਚ ਰਿਹਾ ਰਹੇ ਹਨ, ਦੁਰਵਿਵਹਾਰ ,ਅਣਗਹਿਲੀ, ਅਵਗੋਲੇ ਹੋਣ ਕਾਰਨ ਆਪਣੇ ਅਸਲ ਮਾਪਿਆਂ ਜਾਂ ਪਰਿਵਾਰ ਤੋਂ ਵਿਰਵੇ ਹਨ ਜਾਂ ਉਨ੍ਹਾਂ ਨਾਲ ਨਹੀਂ ਰਹਿ ਸਕਦੇ ਅਜਿਹੇ ਵਿੱਚ ਕੋਈ ਹੋਰ ਪਰਿਵਾਰ ਘਰੇਲੂ ਵਾਤਾਵਰਣ ਜਾਂ ਘਰ ਦੇ ਮਾਹੌਲ ਵਿੱਚ ਵਿੱਚ ਅਜਿਹੇ ਬੱਚੇ ਦੀ ਵਿਕਲਪਿਤ ਦੇਖਭਾਲ ਕਰਨ ਦੇ ਚਾਹਵਾਨ ਹੋਣ ਅਤੇ ਬਾਲ ਭਲਾਈ ਕਮੇਟੀ ਅਜਿਹੇ ਚਾਹਵਾਨ ਪਰਿਵਾਰ ਨੂੰ ਬੱਚੇ ਦੀ ਦੇਖ-ਭਾਲ ਦੀ ਜ਼ਿੰਮੇਵਾਰੀ ਸੌਂਪਦੀ ਹੈ ਤਾਂ ਉਸ ਨੂੰ ਫੋਸਟਰ ਕੇਅਰ ਕਿਹਾ ਜਾਂਦਾ ਹੈ ਅਤੇ ਅਜਿਹੇ ਪਰਿਵਾਰ ਨੂੰ ਫੋਸਟਰ ਫੈਮਲੀ ਜਾਂ ਪਾਲਣ ਪਰਿਵਾਰ ਕਿਹਾ ਜਾਂਦਾ ਹੈ। ਘਰੇਲੂ ਚੰਗਾ ਮਾਹੌਲ ਹਮੇਸ਼ਾ ਬੱਚੇ ਦੇ ਸਰਬਪੱਖੀ ਵਿਕਾਸ ਵਿੱਚ ਸਹਾਇਕ ਹੁੰਦਾ ਹੈ। ਇਸ ਮੰਤਵ ਦੇ ਤਹਿਤ ਬੇਸਹਾਰਾ, ਲੋੜਵੰਦ ਬੱਚਿਆ ਲਈ ਫੋਸਟਰ ਕੇਅਰ ਜਿਹੇ ਵਿਸ਼ਿਆਂ ਨੂੰ ਉਭਾਰਿਆ ਜਾਂ ਰਿਹਾ ਹੈ ਤਾਂ ਜੋ ਅਜਿਹੇ ਬੱਚੇ ਇੱਕ ਸੁਰੱਖਿਅਤ ਵਾਤਾਵਰਨ ਅਤੇ ਪਰਿਵਾਰ ਵਿੱਚ ਵਿਚਰ ਕੇ ਚੰਗੇ ਨਾਗਰਿਕ ਬਣ ਸਕਣ। ਪਾਲਕ ਪਰਿਵਾਰ ਜਾਂ ਫੋਸਟਰ ਫੈਮਲੀ ਜੁਵੇਨਾਇਲ ਜਸਟਿਸ ਐਕਟ, 2015 ਅਨੁਸਾਰ ਇੱਕ ਨਿਸ਼ਚਿਤ ਸਮੇਂ ਲਈ ਉਸ ਬੱਚੇ ਦੇ ਪਾਲਣ ਲਈ ਜ਼ਿੰਮੇਵਾਰੀ ਹੋਵੇਗੀ, ਇਹ ਸਮਾਂ ਪਹਿਲਾਂ ਇੱਕ ਸਾਲ ਲਈ ਹੁੰਦਾ ਹੈ ਪ੍ਰੰਤੂ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਅਤੇ ਬਾਲ ਭਲਾਈ ਕਮੇਟੀ ਨੂੰ ਅਜਿਹਾ ਲਗਦਾ ਹੈ ਕਿ ਪਾਲਕ ਪਰਿਵਾਰ ਜਾਂ ਫੋਸਟਰ ਫੈਮਲੀ ਬੱਚੇ ਦੀ ਦੇਖਭਾਲ, ਪਾਲਣ-ਪੋਸ਼ਣ ਠੀਕ ਤਰ੍ਹਾਂ ਨਹੀਂ ਕਰ ਰਹੇ ਹੈ ਜਾਂ ਪਰਿਵਾਰ ਵਿੱਚ ਬੱਚੇ ਦਾ ਸ਼ੋਸ਼ਣ ਹੋ ਰਿਹਾ ਹੈ,ਬੱਚੇ ਤੋਂ ਮਜ਼ਦੂਰੀ ਆਦਿ ਕਰਵਾਈ ਜਾ ਰਹੀ ਹੈ ਤਾਂ ਬੱਚੇ ਨੂੰ ਬਾਲ ਭਲਾਈ ਦੇ ਹੁਕਮਾਂ ਰਾਹੀਂ ਇੱਕ ਸਾਲ ਦੀ ਅਵਧੀ ਤੋਂ ਪਹਿਲਾਂ ਵਾਪਸ ਲਿਆ ਜਾ ਸਕਦਾ ਹੈ। ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਅਤੇ ਬਾਲ ਭਲਾਈ ਕਮੇਟੀ ਵੱਲੋਂ ਫੋਸਟਰ ਪਰਿਵਾਰ ਦੀ ਮਹੀਨਾਵਾਰ ਪੜਤਾਲ ਕੀਤੀ ਜਾਣੀ ਹੈ ਕਿ ਬੱਚੇ ਦੀ ਪਰਿਵਾਰ ਵਿੱਚ ਦੇਖਭਾਲ /ਬਿਲਕੁਲ ਸਹੀ ਕੀਤੀ ਜਾ ਰਹੀ ਹੈ ਜਾਂ ਨਹੀਂ।




ਫੋਸਟਰ ਦੇਖਭਾਲ ਵਿੱਚ ਬੱਚੇ ਨੂੰ ਦੇਣ ਤੋਂ ਪਹਿਲਾਂ ਇਹ ਧਿਆਨ ਰੱਖਣਾ ਜ਼ਰੂਰੀ ਹੈ ਕਿ ਬੱਚੇ ਉਸ ਵਰਗੇ ਸਮਾਜਿਕ ਸਭਿਆਚਾਰ ਮਾਹੌਲ ਵਰਗੇ ਪਰਿਵਾਰ ਵਿੱਚ ਹੀ ਦਿੱਤਾ ਜਾਵੇ ਜਿਸ ਵਿਚ ਉਹ ਪਹਿਲਾਂ ਤੋਂ ਰਹਿ ਰਿਹਾ ਹੈ ਸ਼ੁਰੂਆਤੀ ਤੌਰ ਤੇ ਬੱਚੇ ਨੂੰ ਇੱਕ ਸਾਲ ਲਈ ਹੀ ਫੋਸਟਰ ਕੇਅਰ ਵਿੱਚ ਰੱਖਿਆ ਜਾਂਦਾ ਹੈ ਅਤੇ ਮਹੀਨਾਵਾਰ ਪੜਤਾਲ ਕੀਤੀ ਜਾਂਦੀ ਹੈ। ਜੇਕਰ ਬੱਚਾ ਆਪਣੇ ਆਪ ਨੂੰ ਉਸ ਪਰਿਵਾਰ ਵਿੱਚ ਸਹਿਜ ਮਹਿਸੂਸ ਕਰਦਾ ਹੈ, ਪਰਿਵਾਰ ਮਾਹੌਲ ਬੱਚੇ ਦੇ ਸਰਵਪੱਖੀ ਵਿਕਾਸ ਲਈ ਅਨੁਕੂਲ ਹੈ, ਤਾਂ ਬੱਚਾ ਉਸ ਪਰਿਵਾਰ ਨੂੰ 1 ਸਾਲ ਤੋਂ ਵੱਧ ਸਮੇਂ ਲਈ ਵੀ ਫੋਸਟਰ ਦੇਖਭਾਲ ਲਈ ਦਿੱਤਾ ਜਾ ਸਕਦਾ ਹੈ ਅਤੇ ਵੱਧ ਤੋਂ ਵੱਧ 18 ਸਾਲ ਤੱਕ ਦੀ ਉਮਰ ਤੱਕ ਬੱਚੇ ਨੂੰ ਫੋਸਟਰ ਕੇਅਰ ਵਿੱਚ ਰੱਖਿਆ ਜਾ ਸਕਦਾ ਹੈ ਪ੍ਰੰਤੂ ਅਜਿਹੇ ਸਮੇਂ ਦੌਰਾਨ ਕਾਨੂੰਨੀ ਯੋਗ ਪ੍ਰਕਿਰਿਆ ਰਾਹੀਂ ਬੱਚੇ ਨੂੰ ਗੋਦ ਵੀ ਦਿੱਤਾ ਜਾ ਸਕਦਾ ਹੈ, ਜੇਕਰ ਗੋਦ ਲੈਣ ਵਾਲਾ ਪਰਿਵਾਰ ਸਾਰੀ ਪ੍ਰਕਿਰਿਆ ਦੀ ਸ਼ਰਤਾਂ ਪੂਰੀਆਂ ਕਰਦਾ ਹੈ। ਫੋਸਟਰ ਪਰਿਵਾਰ (ਪਤੀ ਪਤਨੀ) ਲਈ ਇਹ ਜ਼ਰੂਰੀ ਹੈ ਕਿ ਉਹ ਭਾਰਤ ਦੇ ਨਾਗਰਿਕ ਹੋਣ, ਦੋਵੇਂ ਪਤੀ -ਪਤਨੀ ਇੱਕ ਹੀ ਬੱਚੇ ਨੂੰ ਫੋਸਟਰ ਦੇਖਭਾਲ ਵਿੱਚ ਲੈਣ ਦੇ ਚਾਹਵਾਨ ਹੋਣ, ਦੋਹਾਂ ਜੀਆਂ ਦੀ ਉਮਰ 35 ਸਾਲ ਤੋਂ ਵੱਧ ਹੋਣੀ ਚਾਹੀਦੀ ਹੈ ਅਤੇ ਉਹ ਚੰਗੀ ਮਾਨਸਿਕ, ਸਰੀਰਕ ਅਤੇ ਭਾਵਨਾਤਮਕ ਸਿਹਤ ਦੇ ਮਾਲਕ ਹੋਣ, ਬੱਚੇ ਅਤੇ ਆਪਣੇ ਪਰਿਵਾਰ ਦੀਆਂ ਜ਼ਰੂਰਤਾਂ ਪੂਰੀਆਂ ਕਰਨ ਦੇ ਸਮਰਥ ਹੋਣ, ਜਿਸ ਪਰਿਵਾਰ ਨੂੰ ਬੱਚਾ ਦਿੱਤਾ ਜਾਂ ਹੈ ਉਸ ਪਰਿਵਾਰ ਦੀ ਮੈਡੀਕਲ ਜਾਂਚ ਸਮੇਤ ਐੱਚ.ਆਈ.ਵੀ, ਟੀ.ਬੀ,ਹੈਬੀਟਾਈਟਸ-ਸੀ ਦੀਆਂ ਮੈਡੀਕਲ ਰਿਪੋਰਟਾਂ ਲਾਜ਼ਮੀ ਹਨ। ਫੋਸਟਰ ਕੇਅਰ ਅਤੇ ਫੋਸਟਰ ਫੈਮਲੀ ਦੀ ਸਾਰੀ ਪ੍ਰਕਿਰਿਆ ਦੀ ਜਾਂਚ ਪੜਤਾਲ ਅਤੇ ਨਿਗਰਾਨੀ ਬਾਲ ਭਲਾਈ ਕਮੇਟੀ ਅਤੇ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ ਦੁਆਰਾ ਡਿਪਟੀ ਕਮਿਸ਼ਨਰ ਦੀ ਰਹਿਨੁਮਾਈ ਅਤੇ ਪ੍ਰਵਾਨਗੀ ਨਾਲ ਕੀਤੀ ਜਾਂਦੀ ਹੈ। ਫੋਸਟਰ ਕੇਅਰ ਸਬੰਧੀ ਜਾਂ ਜੇਕਰ ਕੋਈ ਪਰਿਵਾਰ ਆਪਣੇ ਆਪ ਨੂੰ ਫੋਸਟਰ ਫੈਮਲੀ ਲਈ ਰਜਿਸਟਰ ਕਰਵਾਉਣਾ ਚਾਹੁੰਦਾ ਹੈ ਤਾਂ ਵਧੇਰੇ ਜਾਣਕਾਰੀ ਲਈ ਜ਼ਿਲ੍ਹਾ ਬਾਲ ਸੁਰੱਖਿਆ ਯੂਨਿਟ, ਗੁਰਦਾਸਪੁਰ, ਕਮਰਾ ਨੰਬਰ 218, ਬਲਾਕ-ਏ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ, ਫ਼ੋਨ ਨੰਬਰ 01874-240157, ਬਾਲ ਭਲਾਈ ਕਮੇਟੀ, ਗੁਰਦਾਸਪੁਰ, ਕਮਰਾ ਨੰਬਰ 515 ਬਲਾਕ-ਬੀ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਗੁਰਦਾਸਪੁਰ ਫ਼ੋਨ ਨੰਬਰ 01874-246688 ਜਾਂ ਸੁਪਰਡੰਟ ਚਿਲਡਰਨ ਹੋਮ ਫ਼ਾਰ ਬੁਆਇਜ, ਗੁਰਦਾਸਪੁਰ ਦੇ ਦਫ਼ਤਰ ਦੇ ਫ਼ੋਨ ਨੰਬਰ 01874-240058 ’ਤੇ ਸੰਪਰਕ ਕੀਤਾ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM International Newspaper & WEB TV




# ਯੂਥ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਜਗਰੂਪ ਸਿੰਘ ਸ਼ਾਹਪੁਰ ਦਾ ਕਾਦੀਆ ਪਹੁੰਚਣ ਤੇ ਮਾਹਲ ਪ੍ਰੀਵਾਰ ਵੱਲੋਂ ਕੀਤਾ ਸਨਮਾਨਿਤ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ 19 ਮਾਰਚ ਕੁਲਜੀਤ ਸਿੰਘ ਖੋਖਰ**-ਸ਼੍ਰੋਮਣੀ ਅਕਾਲੀ ਦਲ ਯੂਥ ਵਿੰਗ ਦੇ ਨਵਯੁਕਤ ਜ਼ਿਲ੍ਹਾ ਪ੍ਰਧਾਨ ਜਗਰੂਪ ਸਿੰਘ ਸ਼ਾਹਪੁਰ ਦਾ ਕਾਦੀਆ ਵਿਖੇ ਮਾਹਲ ਪ੍ਰੀਵਾਰ ਨਿਵਾਸ ਤੇ ਪਹੁੰਚਣ ਤੇ ਗੁਰਇਕਬਾਲ ਸਿੰਘ ਮਾਹਲ ਅਤੇ ਸਾਬਕਾ ਨਗਰ ਕੌਂਸਲ ਕਾਦੀਆ ਜਰਨੈਲ ਸਿੰਘ ਮਾਹਲ ਵੱਲੋਂ ਸਿਰੋਪਾਓ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਗੁਰਇਕਬਾਲ ਸਿੰਘ ਮਾਹਲ ਨੇ ਸ਼ਾਹਪੁਰ ਨੂੰ ਪ੍ਰਧਾਨ ਬਣਨ ਤੇ ਵਧਾਈ ਦਿੱਤੀ ਤੇ ਨਾਲ ਹੀ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਬਿਕਰਮਜੀਤ ਸਿੰਘ ਮਜੀਠੀਆ ਨੇ ਆਪਣੀ ਸੋਚ ਸਦਕੇ ਅਤੇ ਨੋਜਵਾਨ ਯੂਥ ਵਿੰਗ ਪੰਜਾਬ ਪ੍ਰਧਾਨ ਸਰਬਜੀਤ ਸਿੰਘ ਝਿੰਜਰ ਦੀ ਯੋਗ ਅਗਵਾਈ ਹੇਠ ਪੰਜਾਬ ਦੀ ਨਵੀਂ ਯੂਥ ਅਕਾਲੀ ਦਲ ਦੀ ਟੀਮ ਦਾ ਗਠਨ ਕੀਤਾ ਹੈ ਜਿਸ ਵਿਚ ਜ਼ਿਲ੍ਹਾ ਗੁਰਦਾਸਪੁਰ ਦਿਹਾਤੀ ਤੋਂ ਜਗਰੂਪ ਸਿੰਘ ਸ਼ਾਹਪੁਰ ਨੂੰ ਵੱਡਾ ਮਾਨ ਸਨਮਾਨ ਬਖਸ਼ਿਆ ਹੈ ਤੇ ਜ਼ਿਲੇ ਦੀ ਪ੍ਰਧਾਨਗੀ ਦਿੱਤੀ ਹੈ ਉਹਨਾਂ ਕਿਹਾ ਕਿ ਜਗਰੂਪ ਸਿੰਘ ਸ਼ਾਹਪੁਰ ਜਲਦੀ ਹੀ ਜ਼ਿਲੇ ਦੇ ਵਖ ਵਖ ਪਿੰਡਾਂ ਵਿੱਚ ਜਾ ਕੇ ਨੋਜਵਾਨਾਂ ਨੂੰ ਪਾਰਟੀ ਲਈ ਲਾਮਬੰਦ ਕਰਨਗੇ ਤੇ ਜ਼ਿਲੇ ਦੇ ਨੋਜਵਾਨ ਵੀ ਸ਼ਾਹਪੁਰ ਨਾਲ਼ ਮੋਢੇ ਨਾਲ ਮੋਢਾ ਜੋੜ ਕੇ ਪਾਰਟੀ ਲਈ ਬੇਹਤਰੀਨ ਕੰਮ ਕਰਨ ਲਈ ਪੱਬਾਂ ਭਾਰ ਜੋੜ ਲੋਣਗੇ ਇਸ ਮੌਕੇ ਨਵਯੁਕਤ ਪ੍ਰਧਾਨ ਸ਼ਾਹਪੁਰ ਨੇ ਜ਼ਿਲ੍ਹੇ ਦੀ ਸਮੁੱਚੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ ਅਤੇ ਮਾਹਲ ਪ੍ਰੀਵਾਰ ਨੂੰ ਵਿਸ਼ਵਾਸ ਦਿਵਾਇਆ ਕਿ ਉਹ ਉਹ ਆਪ ਜੀ ਦੇ ਹੁਕਮਾਂ ਦੀ ਤਨਦੇਹੀ ਨਾਲ ਪਾਲਣਾਂ ਕਰਨਗੇ ਅਤੇ ਜ਼ਿਲੇ ਦੇ ਸਾਰੇ ਹੀ ਸ਼੍ਰੋਮਣੀ ਅਕਾਲੀ ਦਲ ਦੇ ਨਿਮੰਦਿਆਂ ਨੂੰ ਸਾਥ ਲੈ ਕਿ ਚਲਣਗੇ ਇਸ ਮੌਕੇ ਉਨ੍ਹਾਂ ਨਾਲ ਸ਼ਹਿਰੀ ਪ੍ਰਧਾਨ ਗਿਨੀ ਭਾਟੀਆ ਕੌਂਸਲਰ ਪ੍ਰੇਮ ਸਿੰਘ ਘੁੰਮਣ ਸਰਕਲ ਪ੍ਰਧਾਨ ਯੂਥ ਵਿੰਗ ਕਾਦੀਆ ਬਾਜ ਘੁੰਮਣ ਵਿਜੇ ਕੁਮਾਰ ਕੌਂਸਲਰ ਬਲਬੀਰ ਸਿੰਘ ਭੈਣੀ ਬਾਂਗਰ ਜੋਗਿੰਦਰ ਸਿੰਘ ਮੰਤਰੀ ਪੱਬਾਰਾਲੀ ਸੇਰਾ ਡੇਰਾ ਬਾਬਾ ਨਾਨਕ ਸੁਨੀਲ ਭੈਣੀ ਰਮਨਦੀਪ ਸਿੰਘ ਗੋਪੀ ਭਿੰਡਰ ਭੈਣੀ ਸੁਖਵਿੰਦਰ ਸਿੰਘ ਸੁੱਖਾ ਮੋਹਿਤ ਕੁਮਾਰ ਕਾਦੀਆ ਰਮੇਸ਼ ਬਸਰਾਂਵਾ ਅਮ੍ਰਿਤਪ੍ਰੀਤ ਨੰਗਲ ਬਾਗਬਾਨਾ ਆਦਿ ਹਾਜ਼ਰ ਸਨ

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ ’ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

# SANT BEANT SINGH JI

BER KALAN WALE | UK TOUR 2024

SAT 2ND MARCH - SUN 3RD MARCH: SOUTHAMPTON

MON 4TH MARCH - SUN 10TH MARCH 7:40-8:20PM:
NANAKSAR THATH ISHER DARBAR, WOLVERHAMPTON, WV3 0JU

MON 11TH MARCH - TUES 12TH MARCH 7:30-8:00PM:
GURU HAR RAI GURDWARA, WEST BROMWICH, B70 6JW

WED 13TH MARCH - FRI 15TH MARCH 6:45-7:45PM:
DARBAR SRI GURU GRANTH SAHIB JI, WALSALL, WS2 9EQ

SAT 16TH MARCH 7:30-8:00PM:
GURU HAR RAI GURDWARA, WEST BROMWICH, B70 6JW


SUN 17TH MARCH 2:00-3:00PM:
GURU HAR RAI GURDWARA, WEST BROMWICH, B70 6JW

SUN 17TH MARCH 6:30-7:30PM:
GURDWARA GURU NANAK PARKASH, COVENTRY, CV1 4FB

MON 18TH - SUN 24TH MARCH
7:30-8:15AM | 10:00-11:00AM | 6:30-7:15PM:
BABA SANG GURDWARA, SMETHWICK, B66 1EE

MON 25TH - SUN 31ST MARCH: SOUTHALL

SANT BEANT SINGH | WHATSAPP: +918530000006


ਪਤੀਐ ਸਬਦੁ ਸਚੀ ਟਕਸਾਲ ॥
ਦਮਦਮੀ ਟਕਸਾਲ
ਜਥਾ ਭਿੰਡਰਾਂ (ਮਹਿਤਾ)
www.damdamitaksal.net

ਨਾਮ ਜਪੋ | Naam Japo
ਕਿਰਤ ਕਰੋ | Kirat Karo
ਵੰਡ ਛਕੋ | Vand Shako

ਵਾਹਿਗੁਰੂ ਜੀ ਕਾ ਖਾਲਸਾ॥ ਵਾਹਿਗੁਰੂ ਜੀ ਕੀ ਫਤਹਿ॥
WAHEGURU JI KA KHALSA WAHEGURU JI KI FATEH

ਖੰਡੇ ਬਾਟੇ ਦੀ ਪਾਹੁਲ ਛਕ ਕੇ ਗੁਰੂ ਵਾਲੇ ਬਣੋ
Khande Bate di Pahul Shak Ke Guru Wale Bano

ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ
Join Gurbani Santhia and Gurmat Sikhia

ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ
Learn Kirtan Katha Kavishri and Dhadi Waran

ਗੁਰਮੁਖੀ ਪੰਜਾਬੀ ਸਿੱਖੋ
Learn Gurmukhi Punjabi


ਗਤਕਾ ਸਿੱਖੋ Learn Gatka

www.damdamitaksal.net




ਸਾਬਤ ਸੂਰਤਿ ਦਸਤਾਰ ਸਿਰਾ

# ਦਸਤਾਰਾਂ ਹੀ ਦਸਤਾਰਾਂ



# ਰੰਧਾਵਾ ਪਗੜੀ ਸੈਂਟਰ



ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।

✚ ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।

ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।

ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446



# ASA Gas Heating Solution Ltd.

Boilers | Gas Safety Inspections
Certificates | Plumbing Work
Gas Work
Cylinders
Maintenance Services

Vaillant APPROVED INSTALLER | WORCESTER Bosch Group

ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ

Mr. Simran Singh : 0749 534 2620
asagasheatingsolutions@gmail.com

Call us now for a Free no-olbigation quote

# ਸ੍ਰੀ ਗੁਰੂ ਗ੍ਰੰਥ ਸਹਿਬ ਜੀ ਸੇਵਾ ਕੇਂਦਰ

## ਗੁਰਮਤਿ ਵਿਦਿਆਲਾ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਮੁੱਖੀ ਦਮਦਮੀ ਟਕਸਾਲ ਯਾਦਗਾਰੀ ਅਸਥਾਨ ਬਾਬਾ ਠਾਕੁਰ ਸਿੰਘ ਜੀ ਖਾਲਸਾ ਭਿੰਡਰਾਂਵਾਲੇ

### ਨਵਾਂ ਗੁਰਮਤਿ ਵਿਦਿਆਲਾ ਅਤੇ ਖੇਡ ਸਹੂਲਤਾਂ ਦੇ ਪ੍ਰੋਜੈਕਟ

ਦਮਦਮੀ ਟਕਸਾਲ ਜਥਾ ਭਿੰਡਰਾਂ ਯੂ ਕੇ

24 ਦਸੰਬਰ 2021 ਨੂੰ ਦਮਦਮੀ ਟਕਸਾਲ ਜਥਾ (ਯੂ.ਕੇ. & ਯੂਰਪ) ਦੀ ਨੁਮਾਇੰਦਗੀ ਲਈ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਅਤੇ ਸਾਧਸੰਗਤ ਦੀ ਹਜ਼ੂਰੀ ਵਿੱਚ ਪੰਜ ਸਿੰਘਾਂ ਦੀ ਨਿਯੁਕਤੀ ਕੀਤੀ ਗਈ ਸੀ।

ਪਿਛਲੇ 2 ਸਾਲਾਂ ਤੋਂ ਸੇਵਾਦਾਰ ਇੱਕ ਜਗ੍ਹਾ ਦੀ ਖੋਜ ਕਰ ਰਹੇ ਸਨ ਜਿੱਥੇ ਗੁਰਮਤਿ ਵਿਦਿਆਲਾ ਬਣੇ ਅਤੇ ਸਪੋਰਟਸ ਦੀਆਂ ਸਹੂਲਤਾਂ ਹੋਣ। ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਿਰਪਾ ਨਾਲ ਅਸਥਾਨ ਬਣਾਉਣ ਲਈ ਜਗ੍ਹਾ ਦੀ ਭਾਲ ਕਰ ਰਹੇ ਸੀ ਜੋ ਹੁਣ ਸਾਨੂੰ ਲੱਭ ਗਈ ਹੈ ਅਤੇ ਹੁਣ ਖਰੀਦਣ ਲਈ ਯਤਨ ਜਾਰੀ ਹਨ।

ਵੈਸਟ ਮਿਡਲੈਂਡਜ਼ ਵਿੱਚ, M5 ਮੋਟਰਵੇਅ 'ਤੇ ਜੰਕਸ਼ਨ 2 ਤੋਂ ਇੱਕ ਮੀਲ ਦੀ ਦੂਰੀ ਤੇ ਇਹ ਜਗ੍ਹਾ ਹੈ ਜਿਸ ਵਿੱਚ ਕਾਰ ਪਾਰਕ, ਫੁੱਟਬਾਲ ਪਿੱਚ ਅਤੇ ਇਮਾਰਤ ਸਮੇਤ 4.6 ਏਕੜ ਜਗ੍ਹਾ ਹੈ (ਜੋ ਪਹਿਲਾਂ ਸਮਾਜਿਕ ਅਤੇ ਖੇਡ ਕਲੱਬ ਵਜੋਂ ਵਰਤਿਆ ਜਾਂਦਾ ਸੀ)।

ਜਗ੍ਹਾ ਨੂੰ ਖਰੀਦਣ ਦੇ ਤਿੰਨ ਮੁੱਖ ਕਾਰਣ ਹਨ:

1. ਗੁਰਬਾਣੀ ਦੀ ਸੰਥਿਆ, ਕਥਾ, ਕੀਰਤਨ ਅਤੇ ਗਤਕਾ ਸਿਖਾਉਣ ਲਈ ਗੁਰਮਤਿ ਵਿਦਿਆਲਾ ਜਿੱਥੇ ਸਿਖਾਏ ਉਸਤਾਦ ਭਵਿੱਖ ਦੇ ਪਾਠੀ, ਗਿਆਨੀ, ਰਾਗੀ, ਗਤਕਾ ਖਿਡਾਰੀ ਤਿਆਰ ਕਰ ਸਕਣ ਅਤੇ ਸਾਡੇ ਬੱਚੇ ਪਵਿੱਤਰ ਗੁਰਮਤਿ ਵਿੱਦਿਆ ਧਾਰਨ ਕਰ ਸਕਣ। ਇਸ ਤੋਂ ਇਲਾਵਾ ਇੱਕ ਵਿੱਦਿਅਕ ਸੈਂਟਰ ਜਿੱਥੇ ਬੱਚਿਆਂ ਨੂੰ ਗੁਰਮੁਖੀ ਅਤੇ ਪੰਜਾਬੀ ਦੇ ਨਾਲ ਦੁਨਿਆਵੀ/ਸਕੂਲੀ ਵਿੱਦਿਆ ਵਿੱਚ ਮਦਦ ਲਈ ਖੋਜ ਪ੍ਰਬੰਧ ਹੋਵੇਗਾ।
2. ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਪਾਵਨ ਸਰੂਪਾਂ ਦੀ ਸੇਵਾ, ਪੋਥੀ ਸਾਹਿਬ ਅਤੇ ਗੁਟਕਾ ਸਾਹਿਬ ਦੀਆਂ ਸੇਵਾਵਾਂ ਗੁਰਬਾਣੀ ਦੇ ਸਤਿਕਾਰ ਨੂੰ ਕਾਇਮ ਰੱਖਣ ਲਈ ਕਰ ਸਕੀਏ।
3. ਸਮਾਜਕ ਭਾਈਚਾਰੇ ਲਈ ਆਧੁਨਿਕ ਖੇਡਾਂ ਦੀ ਸਹੂਲਤ ਲਈ ਸਪੋਰਟਸ ਅਕੈਡਮੀ ਜਿਸ ਵਿੱਚ, ਫੁੱਟਬਾਲ ਪਿੱਚ ,ਜਿੰਮ, ਮਾਰਸ਼ਲ ਆਰਟਸ ਤੋਂ ਇਲਾਵਾ ਹੋਰ ਖੇਡਾਂ ਲਈ ਆਧੁਨਿਕ ਸਾਧਨ ਹੋਣਗੇ।

ਇਹ ਸੇਵਾਵਾਂ ਆਪ ਸਭ ਸੰਗਤ ਦੇ ਨਿਰੰਤਰ ਸਹਿਯੋਗ ਨਾਲ ਹੀ ਸਫਲ ਹੋ ਸਕਦੀਆਂ ਹਨ ਸਾਧ ਸੰਗਤ ਜੀ। ਅਸੀਂ ਗੁਰੂ ਦੇ ਚਰਨਾਂ ਵਿੱਚ ਬੇਨਤੀ ਕਰਦੇ ਹਾਂ ਕਿ ਕਿਰਪਾ ਕਰਕੇ ਇਹ ਸੇਵਾਵਾਂ ਵਿੱਚ ਆਪਣੀਆਂ ਕਿਰਤ ਕਮਾਈਆਂ ਵਿੱਚੋਂ ਵੱਧ ਤੋਂ ਵੱਧ ਹਿੱਸਾ ਪਾ ਕੇ ਆਪਣੇ ਬੱਚਿਆਂ ਦੇ ਚੰਗੇ ਭਵਿੱਖ ਲਈ ਪੂਰਾ ਸਹਿਯੋਗ ਦੇਵੋ ਤਾਂ ਜੋ ਇਹ ਜਗ੍ਹਾ ਖਰੀਦ ਸਕੀਏ।

ਇਹ ਜਗ੍ਹਾ £650,000 ਦੀ ਹੈ ਆਪਜੀ ਦੇ ਸਹਿਯੋਗ ਨਾਲ ਇਹ ਸਭ ਪੂਰਾ ਹੋ ਸਕਦਾ ਹੈ ਇੱਕ ਵਾਰ ਸੇਵਾ ਦੇਵੋ ਜਾਂ ਪ੍ਰਤੀ ਮਹੀਨਾਵਾਰ ਸਟੈਂਡਿੰਗ ਆਰਡਰ ਸਥਾਪਤ ਕਰਨਾ ਜਿਵੇਂ ਆਪਜੀ ਨੂੰ ਚੰਗਾ ਲੱਗੇ ਆਪ ਸਮੂਹ ਸਾਧ ਸੰਗਤ ਆਪਣਾ ਪੂਰਾ ਸਹਿਯੋਗ ਦੇ ਕੇ ਇਸ ਕਾਰਜ ਨੂੰ ਸਫਲਾ ਕਰੋ ਜੀ।


ਆਪਣਾ ਯੋਗਦਾਨ ਹੇਠ ਲਿਖੇ ਬੈਂਕ ਅਕਾਊਂਟ ਵਿੱਚ ਭੇਜ ਸਕਦੇ ਹੋ ਜੀ:

| NATWEST BANK | |
|---|---|
| ACCOUNT NAME | DAMDAMI TAKSAL UK |
| ACOUNT NUMBER | 66477778 |
| SORT CODE | 60-15-26 |

ਨੋਟ: ਕਿਰਪਾ ਕਰਕੇ ਆਪਣਾ ਪੂਰਾ ਨਾਮ ਬੈਂਕ ਟਰਾਂਸਫਰ ਦੀ ਰੈਫਰੈਂਸ ਵੇਲੇ ਜ਼ਰੂਰ ਲਿਖੋ ਜੀ। ਧੰਨਵਾਦ।



ਮੌਜੂਦਾ ਬਿਲਡਿੰਗ ਜੋ ਕਿ ਇੱਕ ਫੁੱਟਬਾਲ ਕਲੱਬ ਦੇ ਤੌਰ ਤੇ ਵਰਤੀ ਜਾ ਰਹੀ ਸੀ ਉਸਦਾ ਨਕਸ਼ਾ



ਜ਼ਮੀਨ ਦੀ ਹੱਦਬੰਦੀ (Scale 1: 1250)



ਸਮੁੱਚੀ ਜ਼ਮੀਨ ਦੀ ਹੱਦ ਅਤੇ ਨਿਸ਼ਾਨਦੇਹੀ

Stay Connected:
email: info@damdamitaksal.co.uk
DamdamiTaksalUKJathaBhindran

## ਜਾਰੀ ਕਰਤਾ ਦਮਦਮੀ ਟਕਸਾਲ ਯੂ.ਕੇ. ਅਤੇ ਯੂਰਪ

- ਗਿਆਨੀ ਸੋਹਣ ਸਿੰਘ ਜੀ
- ਗਿਆਨੀ ਗੁਰਜਿੰਦਰ ਸਿੰਘ ਜੀ
- ਗਿਆਨੀ ਸੁਖਰਾਜ ਸਿੰਘ ਜੀ
- ਗਿਆਨੀ ਗੁਰਜੰਟ ਸਿੰਘ ਜੀ
- ਗਿਆਨੀ ਸੁਖਬੀਰ ਸਿੰਘ ਜੀ

--: ਸੰਪਰਕ ਨੰਬਰ :--
07877017219,
07400830403
07856786642

# ਕੰਗ ਸਾਹਬੂ NRI's ਵੈਲਫੇਅਰ ਸੁਸਾਇਟੀ

ਅਤੇ ਪਿੰਡ ਵਾਸੀਆਂ ਦੇ ਸਹਿਯੋਗ ਨਾਲ

# ਫਰੀ ਮੈਡੀਕਲ ਕੈਂਪ

Heart Chekcup (ECG Test)

ਕੰਗ ਸਾਹਬੂ ਵਿਖੇ ਲਗਾਇਆ ਜਾ ਰਿਹਾ ਹੈ।

ਦਿਨ ਸ਼ਨੀਵਾਰ ਮਿਤੀ 23.03.2024 ਸਮਾਂ ਸਵੇਰੇ 9 ਵਜੇ ਤੋਂ ਸ਼ਾਮ 3.30 ਵਜੇ ਤੱਕ

• ਹੱਡੀਆਂ ਦੇ ਮਾਹਿਰ ਡਾਕਟਰ ਪਹੁੰਚਣਗੇ • ਜੋੜਾਂ ਦੇ ਦਰਦਾਂ ਦੀਆਂ ਦਵਾਈਆਂ ਮੁਫ਼ਤ ਦਿੱਤੀਆਂ ਜਾਣਗੀਆਂ।

ਸਥਾਨ : ਸਰਕਾਰੀ ਹਾਈ ਸਕੂਲ ਪਿੰਡ ਕੰਗ ਸਾਹਬੂ, ਤਹਿ. ਨਕੋਦਰ (ਜਲੰਧਰ)

1. ਔਰਤਾਂ ਅਤੇ ਮਰਦਾਂ ਦੇ ਕੈਂਸਰ ਦੀ ਸਰੀਰਕ ਜਾਂਚ।
2. ਔਰਤਾਂ ਦੇ ਛਾਤੀ ਤੇ ਕੈਂਸਰ ਦੀ ਜਾਂਚ ਲਈ (ਮੈਮੋਗ੍ਰਾਫੀ) ਟੈਸਟ।
3. ਔਰਤਾਂ ਦੇ ਬੱਚੇਦਾਨੀ ਦੇ ਕੈਂਸਰ ਦੀ ਜਾਂਚ ਲਈ (ਪੈਪ ਸਮਿਅਰ) ਟੈਸਟ
4. ਮਰਦਾਂ ਦੇ ਗਦੂਦਾਂ ਦੇ ਕੈਂਸਰ ਲਈ PSA ਟੈਸਟ
5. ਕੈਂਸਰ ਦੇ ਮਰੀਜ਼ਾਂ ਨੂੰ ਇਲਾਜ ਲਈ ਸਹੀ ਸਲਾਹ।
6. ਔਰਤਾਂ ਅਤੇ ਮਰਦਾਂ ਦੀ ਸ਼ੂਗਰ ਤੇ ਬਲੱਡ ਪ੍ਰੈਸ਼ਰ ਟੈਸਟ
7. ਸ਼ੂਗਰ, ਬਲੱਡ ਪ੍ਰੈਸ਼ਰ ਸਬੰਧੀ ਮੁਫ਼ਤ ਦਵਾਈਆਂ
8. ਆਮ ਬੀਮਾਰੀਆਂ ਸਬੰਧੀ ਸਿਰਫ਼ ਲੋੜਵੰਦਾਂ ਨੂੰ ਮੁਫ਼ਤ ਦਵਾਈਆਂ।

--✶ ਨੋਟ ✶--

ਇਹ ਕੈਂਪ ਔਰਤਾਂ ਲਈ ਸਪੈਸ਼ਲ ਹੈ, ਸੋ ਸਾਰੀਆਂ ਔਰਤਾਂ ਚੈਕ ਜ਼ਰੂਰ ਕਰਵਾਉਣ।

ਆਵਾਜ਼ਿ ਕੌਮ AWAZE QAUM International Newspaper & WEB TV

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ :

ਮੋ. 94630-27634, 98151-89612

# THE GURBANI SCHOOL


THE GURBANI SCHOOL

## ਗੁਰਬਾਣੀ ਦਾ ਸ਼ੁੱਧ ਉਚਾਰਣ ਸਿੱਖਣ ਲਈ ਗੁਰਬਾਣੀ ਸਕੂਲ ਡਾਊਨਲੋਡ ਕਰੋ।

## LEARN THE CORRECT PRONUNCIATION OF GURBANI IN THE CONVENIENCE OF YOUR OWN HOME

GET IT ON Google Play

Download on the App Store




ਆਵਾਜ਼ਿ ਕੌਮ AWAZE QAUM International Newspaper & WEB TV

### INTERACTIVE LEARNING
ਕਲਿੱਕ ਕਰੋ ਅਤੇ ਸਹੀ ਉਚਾਰਣ ਸੁਣੋ
CLICK & LISTEN TO THE CORRECT PRONUNCIATION

8

### EIGHT PRAYERS AVAILABLE
ਅੱਠ ਬਾਣੀਆਂ ਸਿੱਖਣ ਲਈ ਉਪਲਬਧ ਹਨ
EIGHT DAILY PRAYERS AVAILABLE TO LEARN

### AUTO SCROLL GURBANI PLAYER
ਨਾਲ ਨਾਲ ਪੜ੍ਹੋ ਅਤੇ ਉਚਾਰਣ ਸੁਧਾਰੋ
READ ALONG & IMPROVE THE PRONUNCIATION

ੳ A अ

### MULTILINGUAL
ਨਿੱਤਨੇਮ ਪੰਜਾਬੀ, ਹਿੰਦੀ ਅਤੇ ਅੰਗਰੇਜ਼ੀ ਵਿੱਚ ਉਪਲਬਧ ਹੈ।
NITNEM IS AVAILABLE IN PUNJABI, HINDI & ENGLISH

ੴ



# ਸਰਦਾਰਨੀ ਸੁਰਜੀਤ ਕੌਰ ਬਣਵੈਤ

ਸੁਪਤਨੀ

## ਸਰਦਾਰ ਗੁਰਚਰਨ ਸਿੰਘ ਬਣਵੈਤ

ਪ੍ਰਸਿੱਧ ਸਮਾਜ ਸੇਵੀ

ਸੰਸਥਾਪਕ ਇੰਟਰਨੈਸ਼ਨਲ ਪੰਜਾਬੀ ਫਾਊਂਡੇਸ਼ਨ, ਕਨੈਡਾ

ਗੁਰੂ ਚਰਨਾਂ ਵਿੱਚ ਜਾ ਬਿਰਾਜੇ ਹਨ ਜੀ!

## ਭੋਗ ਸ੍ਰੀ ਸਹਿਜ ਪਾਠ

**20 ਮਾਰਚ 2024**

ਸਮਾਂ - ਸਵੇਰੇ 11 ਵਜੇ ਤੋਂ ਦੋਪਹਿਰ 1 ਵਜੇ ਤਕ

ਸਥਾਨ - ਗੁਰੂਦਵਾਰਾ ਸਿੰਘ ਸ਼ਹੀਦਾਂ, ਪਿੰਡ ਉੜਾਪੜ,
ਸ਼ਹੀਦ ਭਗਤ ਸਿੰਘ ਨਗਰ, ਨਵਾਂਸ਼ਹਿਰ ਪੰਜਾਬ

ਆਵਾਜ਼ਿ ਕੌਮ AWAZE QAUM International Newspaper & WEB TV

MOB. +91 98154 81235

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

ਆਵਾਜ਼ਿ ਕੌਮ

ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :

+447458381111 +447976210161 +919729091243

# ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾਂ ਵਿੰਗ ਦਾ ਵਧਿਆ ਦਾਇਰਾ, ਵੱਡੀ ਗਿਣਤੀ ਅੰਦਰ ਬੀਬੀਆਂ ਨੇ ਕੀਤੀ ਸ਼ਮੂਲੀਅਤ

ਨਵੀਂ ਦਿੱਲੀ 19 ਮਾਰਚ (ਮਨਪ੍ਰੀਤ ਸਿੰਘ ਖਾਲਸਾ): ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਦੀ ਮਹਿਲਾਂ ਵਿੰਗ ਵਿਚ ਵੱਡੀ ਗਿਣਤੀ ਅੰਦਰ ਬੀਬੀਆਂ ਵਲੋਂ ਸ਼ਮੂਲੀਅਤ ਕਰਣ ਨਾਲ ਪਾਰਟੀ ਦਾ ਦਾਇਰਾ ਹੋਰ ਵੱਧ ਗਿਆ ਹੈ । ਸ਼੍ਰੋਮਣੀ ਅਕਾਲੀ ਦਲ ਦਿੱਲੀ ਇਕਾਈ ਮਹਿਲਾਂ ਵਿੰਗ ਦੇ ਮੁੱਖ ਸੇਵਾਦਾਰ ਬੀਬੀ ਰਣਜੀਤ ਕੌਰ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ

## ਘਰਾਂ ਅੰਦਰ ਵੱਧ ਰਹੇ ਆਪਸੀ ਮਨਮੁਟਾਵਾਂ ਨੂੰ ਦੇਖਦਿਆਂ ਇਕ ਵਿਚੋਲਗੀ ਕੇਂਦਰ ਦੀ ਕੀਤੀ ਗਈ ਮੁੜ ਸਥਾਪਨਾ: ਬੀਬੀ ਰਣਜੀਤ ਕੌਰ

ਦਸਿਆ ਕਿ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਦਿੱਲੀ ਇਕਾਈ ਦੇ ਪ੍ਰਧਾਨ ਸਰਦਾਰ ਪਰਮਜੀਤ ਸਿੰਘ ਸਰਨਾ ਵਲੋਂ ਪਾਰਟੀ ਨੂੰ ਮਜਬੂਤ ਕਰਣ ਲਈ ਜਿੱਥੇ ਪੁਰਾਣੇ ਵਰਕਰਾਂ ਅਤੇ ਲੀਡਰਾਂ ਨੂੰ ਵਾਪਿਸ ਪਾਰਟੀ ਅੰਦਰ ਜੋੜਿਆ ਜਾ ਰਿਹਾ ਹੈ ਉੱਥੇ ਨਾਲ ਹੀ ਨਵੇਂ ਵਰਕਰਾਂ ਨੂੰ ਵੀਂ ਪਾਰਟੀ ਦੀਆਂ ਪ੍ਰਾਪਤੀ ਅਤੇ ਨਿਸ਼ਾਨੇ ਬਾਰੇ ਜਾਗਰੂਕ ਕਰਕੇ ਉਨ੍ਹਾਂ ਨੂੰ ਨਾਲ ਜੁੜਨ ਲਈ ਪ੍ਰੇਰਿਤ ਕੀਤਾ ਜਾ ਰਿਹਾ ਹੈ ਜਿਸਦੇ ਨਤੀਜੇ ਵਜੋਂ ਅਜ ਵੱਡੀ ਗਿਣਤੀ ਅੰਦਰ ਬੀਬੀਆਂ ਨੇ ਸ਼੍ਰੋਮਣੀ ਅਕਾਲੀ ਦਲ ਅੰਦਰ ਆਪਣੀ ਸ਼ਮੂਲੀਅਤ ਕਰਕੇ ਪਾਰਟੀ ਨੂੰ ਮਜਬੂਤ ਕੀਤਾ ਹੈ । ਇਸ ਮੌਕੇ ਉਨ੍ਹਾਂ ਵਲੋਂ ਬੀਬੀ ਗੁਰਮੀਤ ਕੌਰ, ਬੀਬੀ ਮਨਮੀਤ ਕੌਰ, ਬੀਬੀ ਅਮਰਜੀਤ ਕੌਰ ਅਤੇ ਬੀਬੀ ਡੇਜ਼ੀ ਕੌਰ ਦਾ ਉਚੇਚੇ ਤੌਰ ਤੇ ਧੰਨਵਾਦ ਕੀਤਾ ਗਿਆ ਜਿਨ੍ਹਾਂ ਦੀ ਮਿਹਨਤ ਸਦਕਾ ਅਜ ਵੱਡੀ ਗਿਣਤੀ ਅੰਦਰ ਬੀਬੀਆਂ ਪਾਰਟੀ ਅੰਦਰ ਸ਼ਾਮਿਲ ਹੋਈਆਂ ਸਨ ।ਉਨ੍ਹਾਂ ਦਸਿਆ ਕਿ ਸਿੱਖਾਂ ਦੇ ਘਰਾਂ ਅੰਦਰ ਵੱਧ ਰਹੇ ਆਪਸੀ ਮਨਮੁਟਾਵਾਂ ਨੂੰ ਦੇਖਦਿਆਂ ਇਸ ਮੌਕੇ ਇਕ ਵਿਚੋਲਗੀ ਕੇਂਦਰ ਦੀ ਮੁੜ ਸਥਾਪਨਾ ਕੀਤੀ ਗਈ ਹੈ । ਅਤੇ ਇਨ੍ਹਾਂ ਮਾਮਲਿਆਂ ਨੂੰ ਵਕੀਲਾਂ ਦਾ ਪੈਨਲ ਜਿਨ੍ਹਾਂ ਅੰਦਰ ਐਡਵੋਕੇਟ ਇਸ਼ਪ੍ਰੀਤ ਸਿੰਘ, ਰਵਿੰਦਰ ਕੌਰ ਬਤਰਾ, ਆਯੂਸ਼ ਖੇਤਰਪਾਲ, ਅੰਮ੍ਰਿਤ ਸਿੰਘ ਖਾਲਸਾ ਅਤੇ ਹਿਤੈਸ਼ੀ ਕੱਕਰ ਦੇਖਣਗੇ ।

ਆਵਾਜ਼ਿ ਕੌਮ AWAZE QAUM International Newspaper & WEB TV







# ਵਾਹਿਗੁਰੂ ਜੀ ਕਾ ਖਾਲਸਾ
# ਵਾਹਿਗੁਰੂ ਜੀ ਕੀ ਫਤਿਹ

ਗੁਰਦਵਾਰਾ ਸਿੰਘ ਸਭਾ ਸਲੇਮਪੁਰ ਮਸੰਦਾਂ ਪ੍ਰਬੰਧਕ ਕਮੇਟੀ ਵਲੋਂ ਸਾਰੇ ਪਿੰਡ ਦੀ ਦੇਸ਼ਾਂ ਵਿਦੇਸ਼ਾਂ ਵਿੱਚ ਵਸਦੀ ਸੰਗਤ ਅੱਗੇ ਨਿਮਰਤਾ ਸਹਿਤ ਬੇਨਤੀ ਕੀਤੀ ਜਾਂਦੀ ਹੈ ਕੀ ਗੁਰਦਵਾਰਾ ਸਾਹਿਬ ਵਿਖੇ ਨਵਾਂ ਨਿਸ਼ਾਨ ਸਾਹਿਬ ਬਣਾਉਣ ਦੀ ਸੇਵਾ ਅਰੰਭ ਕੀਤੀ ਗਈ ਹੈ ਜਿਸਦਾ ਖਰਚਾ ਲੱਗਭਗ ਚਾਰ ਲੱਖ ਦੇ ਕਰੀਬ ਆਉਣਾ ਹੈ |

## ਸਾਧ ਸੰਗਤ ਜੀ ਬੇਨਤੀ ਹੈ ਕੀ ਏਸ ਕਾਰਜ ਵਿੱਚ ਆਪਣਾ ਦਸਵੰਧ ਦੇ ਕੇ ਵੱਧ ਤੋਂ ਵੱਧ ਯੋਗਦਾਨ ਦਿਉ ਜੀ

ਆਵਾਜ਼ਿ ਕੌਮ AWAZE QAUM International Newspaper & WEB TV

ਗੁਰਦਵਾਰਾ ਸਾਹਿਬ ਦੀ ਨਵੀਂ ਕਮੇਟੀ ਵਲੋਂ ਸਾਰੇ ਨੱਗਰ ਦਾ ਤਹਿ ਦਿਲੋਂ ਧੰਨਵਾਦ ਜੀ

ਪ੍ਰਧਾਨ ਜਸਵੀਰ ਸਿੰਘ 9876250317 ਸ : ਜਰਨੈਲ ਸਿੰਘ UK +44 7830202647

ਸ : ਗੁਰਦੇਵ ਸਿੰਘ 9872105611
ਸ : ਕੇਵਲ ਸਿੰਘ UK +44 7875355172

## ਸਿੱਖ ਸੰਘਰਸ਼ ਦੇ ਮਹਾਨ ਜਰਨੈਲ੍ਹਾਂ ਅਮਰ ਸ਼ਹੀਦ ਭਾਈ ਹਰਦੀਪ ਸਿੰਘ ਨਿੱਝਰ, ਅਮਰ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ, ਕੌਮੀ ਯੋਧਾ ਭਾਈ ਦੀਪ ਸਿੰਘ ਸਿੱਧੂ ਦੀ ਪਵਿੱਤਰ ਯਾਦ ਨੂੰ ਸਮਰਪਿਤ

# ਸ਼ਹੀਦੀ ਸਮਾਂਗਮ ਅਮਰੀਕਾ ਦੀ ਸਟੇਟ ਮਿਸੀਗਨ ਦੇ ਸ਼ਹਿਰ ਕੈਂਟਨ ਵਿਖ਼ੇ ਗੁਰਦਵਾਰਾ ਸਿੰਘ ਸਭਾ ਸਾਹਿਬ ਕੈਂਟਨ ਵਿੱਚ ਮਨਾਇਆ ਗਿਆ

















**ਮਿਸ਼ੀਗਨ (ਅਮਰੀਕਾ), 19 ਮਾਰਚ (ਆਵਾਜ਼ਿ ਕੌਮ ਬਿਊਰੋ)-** ਸਿੱਖ ਸੰਘਰਸ਼ ਦੇ ਮਹਾਨ ਜਰਨੈਲ੍ਹਾਂ ਅਮਰ ਸ਼ਹੀਦ ਭਾਈ ਹਰਦੀਪ ਸਿੰਘ ਨਿਝਰ, ਅਮਰ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ, ਕੌਮੀ ਯੋਧਾ ਭਾਈ ਦੀਪ ਸਿੰਘ ਸਿੱਧੂ ਦੀ ਪਵਿੱਤਰ ਯਾਦ ਨੂੰ ਸਮਰਪਿਤ ਸ਼ਹੀਦੀ ਸਮਾਂਗਮ ਅਮਰੀਕਾ ਦੀ ਸਟੇਂਟ ਮਿਸੀਗਨ ਦੇ ਸ਼ਹਿਰ ਕੈਂਟਨ ਵਿਖ਼ੇ ਗੁਰਦਵਾਰਾ ਸਿੰਘ ਸਭਾ ਸਾਹਿਬ ਕੈਂਟਨ ਵਿੱਚ ਮਨਾਇਆ ਗਿਆ, ਸਿੱਖ ਸੰਗਤ ਜੱਥਾ ਕੈਂਟਨ ਵਲੋਂ ਕਰਵਾਏ ਗਏ ਮਹਾਨ ਸ਼ਹੀਦੀ ਸਮਾਗਮ ਮੌਕੇ ਭਾਈ ਹਰਜੀਤ ਸਿੰਘ ਤਲਵੰਡੀ ਸਾਬੋ ਦੇ ਰਾਗੀ ਜੱਥੇ ਨੇ ਹਰਜੱਸ ਕੀਰਤਨ ਰਾਹੀਂ ਸਿੱਖ ਸੰਗਤ ਨੂੰ ਨਿਹਾਲ ਕੀਤਾ ,ਅੰਤਰਰਾਸ਼ਟਰੀ ਢਾਡੀ ਜੱਥਾ ਭਾਈ ਮਨਿੰਦਰ ਸਿੰਘ ਪੰਜੋਲਾ ਸਿੱਖ ਸੰਘਰਸ਼ ਦੀਆ ਵਾਰਾਂ ਸੁਣਾ ਕੇ ਸਿੱਖ ਸੰਗਤ ਨੂੰ ਨਿਹਾਲ ਕੀਤਾ, ਤਿੰਨ ਚਲੇ ਸ਼੍ਰੀ ਅਖੰਡ ਪਾਠ ਸਾਹਿਬ ਵਿੱਚ ਗੁਰੂ ਕੇ ਅਟੁੱਟ ਲੰਗਰ ਵਰਤਿਆ , ਇਸ ਸਮਾਗਮ ਨੂੰ ਨੇਪਰੇ ਚਾੜਨ ਵਿੱਚ ਭਾਈ ਗੁਰਬਿੰਦਰ ਸਿੰਘ ਬਰਨਾਲਾ, ਭਾਈ ਦਲਜੀਤ ਸਿੰਘ, ਭਾਈ ਸੁਰਿੰਦਰ ਸਿੰਘ ਠੀਕਰੀਵਾਲ, ਭਾਈ ਗੁਰਸੇਵਕ ਸਿੰਘ ਅਚਰਵਾਲ, ਜਸਵਿੰਦਰ ਸਿੰਘ ਸੰਧੂ, ਗੋਲਡੀ ਢਿੱਲੋਂ , ਭਾਈ ਲਖਸ਼ੇਰ ਸਿੰਘ, ਭਾਈ ਗੁਰਦਿਆਂ ਸਿੰਘ ਮਲ੍ਹੀ ਦਾ ਵਿਸ਼ੇਸ ਯੋਗਦਾਨ ਰਿਹਾ।ਇਸ ਮੌਕੇ ਭਾਈ ਸਿਮਰਪ੍ਰੀਤ ਸਿੰਘ ਖਾਲਸਾ,. ਭਾਈ ਪਰਮਜੀਤ ਸਿੰਘ ਬੱਬਰ, ਭਾਈ ਗੁਰਬਿੰਦਰ ਸਿੰਘ ਮੋਗਾ, ਨਿਸ਼ਾਨ ਸਿੰਘ, ਰਣਬੀਰ ਸਿੰਘ ਭੰਗੂ, ਭਾਈ ਇੰਦਰਪਾਲ ਸਿੰਘ ਦਿੱਲੀ, ਭਾਈ ਸੁਖਚੈਨ ਸਿੰਘ, ਹਰਪਿੰਦਰ ਸਿੰਘ, ਯੁਗਰਾਜ ਸਿੰਘ, ਲਖਵਿੰਦਰ ਸਿੰਘ, ਧਰਮਬੀਰ ਸਿੰਘ, ਭੋਲਾ ਸਿੰਘ ਖੰਡੂਰ, ਹਰਮੇਲ ਸਿੰਘ, ਨੇ ਵੀ ਵਿਸ਼ੇਸ ਸੇਵਾਵਾਂ ਕੀਤੀਆਂ।

ਆਵਾਜ਼ਿ ਕੌਮ AWAZE QAUM International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਖ਼ਾਲਸਾ ਸਾਜਨਾ ਦਿਹਾੜੇ ਨੂੰ ਸਮਰਪਿਤ ਦਸਤਾਰ, ਦੁਮਾਲਾ, ਲੰਬੇ ਕੇਸ, ਦਾੜ੍ਹੇ ਦੇ ਮੁਕਾਬਲਿਆਂ ਸਬੰਧੀ ਹੋਈ ਮੀਟਿੰਗ

# ਮੁਕਾਬਲੇ 31 ਮਾਰਚ ਨੂੰ ਰਾਜਪੁਰਾ ਵਿਖੇ



**ਤਲਵੰਡੀ ਸਾਬੋ, 19 ਮਾਰਚ (ਗੁਰਜੰਟ ਸਿੰਘ ਨਥੇਹਾ)-** ਦਸਤਾਰ-ਏ-ਖਾਲਸਾ ਰਾਜਪੁਰਾ ਕੈਲੇਫੋਰਨੀਆ ਵੱਲੋਂ ਨੌਜਵਾਨਾਂ ਨੂੰ ਅਮੀਰ ਵਿਰਸੇ, ਇਤਿਹਾਸ ਸ਼ਾਨਮੱਤੀਆਂ ਪ੍ਰੰਪਰਾਵਾਂ ਨਾਲ ਜੋੜਨ ਲਈ ਖ਼ਾਲਸੇ ਦੇ ਸਾਜਨਾ ਦਿਹਾੜੇ ਨੂੰ ਸਮਰਪਿਤ ਦਸਤਾਰ, ਦੁਮਾਲਾ ਲੰਮੇ ਕੇਸ ਅਤੇ ਦਾੜੇ ਦੇ ਮੁਕਾਬਲੇ 31 ਮਾਰਚ ਨੂੰ ਝੰਡਾ ਗਰਾਊਂਡ ਰਾਜਪੁਰੇ ਵਿੱਖੇ ਕਰਵਾਏ ਜਾ ਰਹੇ ਹਨ ਇਸ ਦੇ ਸਬੰਧ ਵਿੱਚ ਅੱਜ ਸ਼ਹੀਦ ਭਾਈ ਤਾਰੂ ਸਿੰਘ ਦਸਤਾਰ ਸਿਖਲਾਈ ਸੇਵਾ ਸੁਸਾਇਟੀ ਬਠਿੰਡਾ ਵੱਲੋਂ ਮੀਟਿੰਗ ਕੀਤੀ ਗਈ। ਇਸ ਮੀਟਿੰਗ ਵਿੱਚ ਦਸਤਾਰ-ਏ-ਖਾਲਸਾ ਰਾਜਪੁਰਾ ਕੈਲੇਫੋਰਨੀਆ ਦੀ ਟੀਮ ਪਹੁੰਚੀ ਜਿਸ ਦਾ ਸਵਾਗਤ ਸੁਸਾਇਟੀ ਪ੍ਰਧਾਨ ਸਿਮਰਨਜੋਤ ਸਿੰਘ ਖਾਲਸਾ ਵੱਲੋਂ ਕੀਤਾ ਗਿਆ. ਕਲੱਬ ਦੇ ਪ੍ਰਧਾਨ ਲਖਵਿੰਦਰ ਸਿੰਘ ਯੂਐਸਏ, ਗੁਰਿੰਦਰ ਸਿੰਘ ਕਿੰਗ, ਬਲਜਿੰਦਰ ਸਿੰਘ, ਸੋਨੂ ਸਿੰਘ ਜਲਾਲਾਬਾਦ, ਬਾਜ ਸਿੰਘ ਖਾਲਸਾ, ਅਮਨਦੀਪ ਸਿੰਘ ਬਾਜਾਖਾਨਾ ਨੇ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਦੱਸਿਆ ਕਿ ਇਹ ਮੁਕਾਬਲੇ ਨੌਜਵਾਨਾਂ ਅਤੇ ਬੱਚਿਆਂ ਨੂੰ ਸਿੱਖੀ ਦੇ ਨਾਲ ਜੋੜਨ ਲਈ ਕਰਵਾਏ ਜਾ ਰਹੇ ਹਨ ਪੰਜਾਬ ਨੂੰ ਇੱਕ ਸੋਹਣਾ ਪੱਗਾਂ ਵਾਲਾ ਪੰਜਾਬ ਅਤੇ ਨਸ਼ਾ ਰਹਿਤ ਪੰਜਾਬ ਸਿਰਜਿਆ ਜਾ ਸਕੇ ਜਿਧਰ ਵੀ ਦੇਖੀਏ ਨੌਜਵਾਨਾਂ ਦੇ ਸਿਰਾਂ 'ਤੇ ਸੋਹਣੀਆਂ ਦਸਤਾਰਾਂ ਹੋਣ। ਭਾਈ ਚਰਨਜੀਤ ਸਿੰਘ ਠੇਕੇਦਾਰ ਵੱਲੋਂ ਆਏ ਹੋਏ ਦਸਤਾਰ ਕੋਚਾਂ ਦਾ ਅਤੇ ਕਲੱਬ ਵਾਲੇ ਵੀਰਾਂ ਦਾ ਧੰਨਵਾਦ ਕੀਤਾ। ਮੀਟਿੰਗ ਮੌਕੇ ਗੁਰਦਰਸ਼ਨ ਸਿੰਘ, ਸੁਖਪਾਲ ਸਿੰਘ ਫ਼ੌਜੀ, ਗੁਰਦਿੱਤ ਸਿੰਘ, ਪਰਮਿੰਦਰ ਸਿੰਘ ਰਾਜਪੁਰਾ, ਰਾਜਵਿੰਦਰ ਸਿੰਘ ਰਾਣਾ, ਰੱਬੀ ਸਿੰਘ ਧਨੌਲਾ, ਅਮਨਦੀਪ ਸਿੰਘ, ਜਗਜੀਤ ਸਿੰਘ, ਮਨਜੀਤ ਸਿੰਘ ਗੁਲਾਬ ਸਿੰਘ, ਗੁਰਪ੍ਰੀਤ ਸਿੰਘ, ਜਗਮੀਤ ਸਿੰਘ ਆਦਿ ਹਾਜ਼ਰ ਸਨ।

ਫਾਰਮਾਸਿਸਟ ਬਣੇ ਡਾਕਟਰ /ਮੈਡੀਕਲ ਸਟੋਰਜ਼ ਬਣੇ ਹਸਪਤਾਲ/ ਬਿਨਾਂ ਮੈਡੀਕਲ ਡਿਗਰੀ ਤੋਂ ਬਣੇ ਡਾਕਟਰ

# ਸ਼ਰੇਆਮ ਉੱਡ ਰਹੀਆਂ ਹਨ ਸਿਹਤ ਵਿਭਾਗ ਦੇ ਹੁਕਮਾਂ ਦੀ ਧੱਜੀਆਂ

**ਚੌਕ ਮਹਿਤਾ, 19 ਮਾਰਚ (ਬਾਬਾ ਸੁਖਵੰਤ ਸਿੰਘ ਚੰਨਣਕੇ)-**ਸ਼ਹਿਰ ਵਿੱਚ ਸ਼ਰੇਆਮ ਸਿਹਤ ਵਿਭਾਗ ਦੇ ਨਿਯਮਾਂ ਦੀਆ ਉਡਾਇਆ ਜਾ ਰਹੀਆਂ ਹਨ ਧੱਜੀਆਂ। ਅੰਮ੍ਰਿਤਸਰ ਸ਼ਹਿਰ ਦੇ ਸੁਲਤਾਨਵਿੰਡ ਰੋਡ,ਭਾਈ ਮੰਝ ਰੋਡ, ਅਜ਼ਾਦ ਨਗਰ ਮੰਦਿਰ ਵਾਲਾ ਬਾਜ਼ਾਰ ਆਦਿ ਖੇਤਰਾਂ ਵਿੱਚ ਕਈ ਮੈਡੀਕਲ ਸਟੋਰ ਬਿਨਾਂ ਡਾਕਟਰ ਦੀ ਪਰਚੀ ਤੋਂ ਹੀ ਅਪਣੇ ਵੱਲੋ ਦਵਾਈ ਦਿੱਤੀ ਜਾਂਦੀ ਹੈ ,ਕਈ ਮੈਡੀਕਲ ਸਟੋਰਾਂ ਵਿੱਚ ਫਾਰਮਾਸਿਸਟ ਹੀ ਮੌਜੂਦ ਨਹੀਂ ਹਨ। ਸਰਕਾਰੀ ਹੁਕਮਾਂ ਅਨੁਸਾਰ ਕੋਈ ਵੀ ਫਾਰਮਾਸਿਸਟ ਬਿਨਾਂ ਡਾਕਟਰ ਦੀ ਪਰਚੀ ਤੋਂ ਦਵਾਈ ਨਹੀਂ ਦੇ ਸਕਦਾ, ਇੰਜੈਕਸ਼ਨ,ਡਰਿਪ ਨਹੀਂ ਲਗਾ ਸਕਦਾ, ਪਰ ਇਹਨਾ ਮੈਡੀਕਲ ਸਟੋਰਜ਼ ਵਿੱਚ ਕੰਮ ਸਿੱਖਣ ਵਾਲੇ ਮੁਲਾਜ਼ਮ ਮਰੀਜਾਂ ਨੂੰ ਦਵਾਈ ਦਿੰਦੇ, ਇੰਜੈਕਸ਼ਨ, ਡਰਿਪ ਲਗਾਦੇ ਨਜ਼ਰ ਆਉਂਦੇ ਹਨ। ਹੈਲਥ ਵਿਭਾਗ ਦੇ ਨਿਯਮਾਂ ਅਨੁਸਾਰ ਜਦੋਂ ਕੋਈ ਵੀ ਦਵਾਈ ਕੰਪਨੀ ਵੱਲੋ ਤਿਆਰ ਕੀਤੀ ਜਾਂਦੀ ਹੈ ਤਾਂ ਓਸ ਦੇ ਲੇਬਲ ਤੇ ਸਪੱਸ਼ਟ ਸ਼ਬਦਾਂ ਵਿੱਚ ਲਿਖਿਆ ਹੁੰਦਾ ਹੈ ਕਿ ਇਹ ਦਵਾਈਆਂ ਡਾਕਟਰ ਦੀ ਪਰਚੀ ਤੋ ਬਿਨਾਂ ਦਿੱਤੀ ਨਹੀਂ ਜਾ ਸਕਦੀ ।ਪਰ ਏਨਾ ਮੈਡੀਕਲ ਸਟੋਰਾਂ ਤੇ ਬਿਨਾਂ ਸਿਹਤ ਵਿਭਾਗ ਦੇ ਹੁਕਮਾਂ ਦੀ ਪ੍ਰਵਾਹ ਕੀਤੀਆਂ ਹਰ ਤਰ੍ਹਾਂ ਦੇ ਐਂਟੀ ਬੋਇਟਿਕਸ, ਸੈਕਸ , ਦਰਦ ਆਦਿ ਦਵਾਈਆਂ ਬਿਨਾ ਡਾਕਟਰ ਦੀ ਪਰਚੀ ਤੋ ਦਿਤੀਆਂ ਜਾ ਰਹੀਆਂ ਹਨ। ਇਸ ਖੇਤਰ ਵਿੱਚ ਕਈ ਜਾਅਲੀ ਡਾਕਟਰ ਵੀਂ ਸਰਗਰਮ ਹਨ ਜੋ ਸ਼ਰੇਆਮ ਅਪਣਾ ਧੰਦਾ ਚਲਾਂ ਰਹੇ ਹਨ। ਜੇਕਰ ਅਸੀ ਗੱਲ ਕਰੀਏ ਸਿਹਤ ਵਿਭਾਗ ਦੀ ਤਾਂ ਓਸ ਦੀ ਕਾਰਗੁਜ਼ਾਰੀ ਤੇ ਵੀਂ ਸਵਾਲੀਆ ਚਿੰਨ੍ਹ ਲੱਗਣੇ ਯਕੀਨੀ ਹਨ ਸਿਹਤ ਵਿਭਾਗ ਵੱਲੋਂ ਏਨਾ ਮੈਡੀਕਲ ਸਟੋਰਾਂ ਨੂੰ ਪ੍ਰਵਾਨਗੀ ਦੇਣ ਲਈ ਅਤੇ ਏਨਾ ਨੂੰ ਚੈੱਕ ਕਰਨ ਲਈ ਡਰੱਗ ਵਿਭਾਗ ਦੇ ਅਧਿਕਾਰੀਆ ਨੂੰ ਤਾਇਨਾਤ ਕੀਤਾ ਹੈ। ਪਰ ਜੇਕਰ ਜਮੀਨੀ ਪੱਧਰ ਤੇ ਦੇਖਿਆ ਜਾਵੇ ਤਾਂ ਇਸ ਮੈਡੀਕਲ ਵਾਲਿਆ ਸਾਮਨੇ ਡਰੱਗਜ਼ ਵਿਭਾਗ ਦੀ ਹਾਲਤ ਇਸ ਤਰ੍ਹਾਂ ਹੈ ਜਿਵੇਂ ਹਾਥੀ ਸਾਮਨੇ ਕੀੜੀ ਦੀ ਹੋਵੈ।




## ਸ਼ਿਕਾਇਤ ਕਰਨ ਤੇ ਵੀਂ ਡਰੱਗ ਵਿਭਾਗ ਨਹੀਂ ਕਰਦਾ ਕੋਈ ਕਰਵਾਈ

ਸਿਹਤ ਮੰਤਰੀ ਪੰਜਾਬ ਵੱਲੋ ਵਿਸ਼ੇਸ ਨਿਰਦੇਸ਼ ਹਨ ਕਿ ਸਿਹਤ ਵਿਭਾਗ ਅਧੀਨ ਆਉਂਦੇ ਹਰ ਵਿਭਾਗ ਦੀ ਜੋ ਡਿਊਟੀ ਹੈ ਓਸ ਨੂੰ ਪੂਰੀ ਈਮਾਨਦਾਰੀ ਨਾਲ ਨਿਭਾਇਆ ਜਾਵੇ ਅਤੇ ਜੇਕਰ ਕੋਈ ਸਰਕਾਰੀ ਅਧਿਕਾਰੀ ਸਹੀ ਢੰਗ ਨਾਲ ਕੰਮ ਨਹੀਂ ਕਰਦਾ ਤਾਂ ਉਸ ਵਿਰੁੱਧ ਵਿਭਾਗੀ, ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਪੱਤਰਕਾਰਾਂ ਵੱਲੋ ਇਹ ਸਾਰਾ ਮਾਮਲਾ ਮੁੱਖ ਮੰਤਰੀ ਪੰਜਾਬ,ਸਿਹਤ ਮੰਤਰੀ ਪੰਜਾਬ, ਡਾਇਰੈਕਟਰ ਹੈਲਥ ਦੇ ਧਿਆਨ ਵਿੱਚ ਲਿਆਂਦਾ ਜਾਵੇਗਾ ਤਾਂ ਜੋ ਅੰਮ੍ਰਿਤਸਰ ਦੇ ਸਿਹਤ ਵਿਭਾਗ ਅਧੀਨ ਆਉਂਦੇ ਡਰੱਗਜ਼ ਵਿਭਾਗ ਵਿਚ ਜੋ ਕਮੀਆ ਹਨ ਉਹਨਾਂ ਨੂੰ ਸੁਧਾਰਿਆ ਜਾ ਸਕੇ।

# ਖਾਲਸਾ ਕਾਲਜ ਮਹਿਤਾ ਐਮ.ਏ ਇਤਿਹਾਸ ਦੇ ਸ਼ਾਨਦਾਰ ਨਤੀਜੇ

**ਚੌਕ ਮਹਿਤਾ, 19 ਮਾਰਚ ( ਬਾਬਾ ਸੁਖਵੰਤ ਸਿੰਘ ਚੰਨਣਕੇ )-**ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ ਪ੍ਰਧਾਨ ਸੰਤ ਸਮਾਜ ਜੀ ਦੀ ਰਹਿਨੁਮਾਈ ਹੇਠ ਚੱਲ ਰਹੀ ਵਿੱਦਿਅਕ ਸੰਸਥਾ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਕਾਲਜ ਮਹਿਤਾ ਚੌਂਕ ਦੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਵੱਲੋਂ ਐਲਾਨੇ ਗਏ ਐਮ.ਏ ਇਤਿਹਾਸ ਸਮੈਸਟਰ ਤੀਜਾ ਦਾ ਨਤੀਜਾ ਪ੍ਰਸ਼ੰਸਾਯੋਗ ਰਿਹਾ। ਕਾਲਜ ਦੀ ਹੋਣਹਾਰ ਵਿਦਿਆਰਥਣ ਪਵਨਪ੍ਰੀਤ ਕੌਰ ਨੇ 75 ਫ਼ੀਸਦੀ, ਹਰਮੀਤ ਕੌਰ ਨੇ 73 ਫ਼ੀਸਦੀ, ਗੁਰਜਿੰਦਰ ਸਿੰਘ ਤੇ ਜਸਬੀਰ ਕੌਰ ਨੇ 72 ਫ਼ੀਸਦੀ ਅੰਕ ਪ੍ਰਾਪਤ ਕਰਕੇ ਕ੍ਰਮਵਾਰ ਪਹਿਲਾਂ ਦੂਜਾ ਅਤੇ ਤੀਜਾ ਸਥਾਨ ਹਾਸਲ ਕੀਤਾ।




ਵਿਦਿਆਰਥੀਆਂ ਦੀ ਸਫਲਤਾ ਦੇਖ ਕੇ ਕਾਲਜ ਦੇ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ ਨੇ ਸਾਰੇ ਵਿਦਿਆਰਥੀਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਭਵਿੱਖ ਵਿੱਚ ਹੋਰ ਕਾਮਯਾਬ ਹੋਣ ਲਈ ਪ੍ਰੇਰਿਤ ਕੀਤਾ ਇਸ ਸੁਨਹਿਰੇ ਮੌਕੇ ਤੇ ਉਹਨਾਂ ਨੇ ਐਮ.ਏ ਵਿਭਾਗ ਦੇ ਮੁਖੀ ਮਨਜੀਤ ਕੌਰ ਅਤੇ ਨਵਨੀਤ ਕੌਰ ਨੂੰ ਖਾਸ ਤੌਰ ਤੇ ਵਧਾਈ ਦਿੱਤੀ। ਸਾਰੇ ਅਧਿਆਪਕਾਂ ਅਤੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਹੋਇਆਂ ਉਹਨਾਂ ਕਿਹਾ ਕਿ ਅਧਿਆਪਕ ਉਸ ਪੌੜੀ ਸਮਾਨ ਹੁੰਦਾ ਹੈ ਜਿਸ ਦਾ ਸਹਾਰਾ ਲੈ ਕੇ ਵਿਦਿਆਰਥੀ ਜੀਵਨ ਵਿੱਚ ਤਰੱਕੀ ਦੀ ਰਾਹ ਤੇ ਚੜਦੇ ਹਨ ਅਤੇ ਕਾਮਯਾਬ ਹੋਣ ਦੇ ਜਜ਼ਬੇ ਹਾਸਿਲ ਕਰਦੇ ਹਨ ਹਨ।

ਇਸ ਸੁਨਹਿਰੀ ਮੌਕੇ ਤੇ ਗਿਆਨੀ ਸਾਹਿਬ ਸਿੰਘ, ਕਾਲਜ ਪ੍ਰਿੰਸੀਪਲ ਗੁਰਦੀਪ ਸਿੰਘ ਜਲਾਲ ਉਸਮਾ, ਖਾਲਸਾ ਅਕੈਡਮੀ ਪ੍ਰਿੰਸੀਪਲ ਸੁਖਮੀਤ ਕੌਰ , ਖਾਲਸਾ ਪ੍ਰੀਮੀਅਮ ਸਕੂਲ ਇੰਚਾਰਜ ਪਰਵੀਨ ਕੌਰ, ਕਾਲਜ ਸੁਪਰਡੈਂਟ ਕੁਲਦੀਪ ਕੌਰ, ਖਾਲਸਾ ਪ੍ਰੀਮੀਅਮ ਸਕੂਲ ਦੇ ਕੋਆਰਡੀਨੇਟਰ ਮੈਡਮ ਪੁਨੀਤ ਕੌਰ,ਨਰਸਿੰਗ ਕਾਲਜ ਪ੍ਰਿੰਸੀਪਲ ਹਰਜੀਤ ਕੌਰ, ਗੁਰਵਿੰਦਰ ਕੌਰ, ਰੁਪਿੰਦਰ ਕੌਰ, ਕਿਰਨਬੀਰ ਕੌਰ, ਅਤੇ ਕਾਬਲ ਸਿੰਘ ਆਦਿ ਨੇ ਵਿਦਿਆਰਥੀਆਂ ਅਤੇ ਮਾਪਿਆਂ ਨੂੰ ਵਧਾਈ ਦਿੱਤੀ ਅਤੇ ਸਾਰੇ ਵਿਦਿਆਰਥੀਆਂ ਨੂੰ ਭਵਿੱਖ ਵਿੱਚ ਹੋਰ ਮਿਹਨਤ ਕਰਕੇ ਬੁਲੰਦੀਆਂ ਛੋਹਣ ਲਈ ਦੁਆਵਾਂ ਦਿੱਤੀਆਂ।

# ਉਂਕਾਰ ਸਿੰਘ ਨੇ ਬਤੌਰ ਨਾਇਬ ਤਹਿਸੀਲਦਾਰ ਕਾਦੀਆ ਦਾ ਚਾਰਜ ਸੰਭਾਲਿਆ ਤੇ ਕੰਮ ਕਰਨਾ ਸ਼ੁਰੂ ਕਰ ਦਿੱਤਾ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 19 ਮਾਰਚ (ਕੁਲਜੀਤ ਸਿੰਘ ਖੋਖਰ)-**ਸਬ-ਤਹਿਸੀਲ ਕਾਦੀਆਂ ਵਿੱਖੇ ਮਾਨਯੋਗ ਉਕਾਰ ਸਿੰਘ ਨੇ ਬਤੋਰ ਨਾਇਬ ਤਹਿਸੀਲਦਾਰ ਕਾਦੀਆ ਦਾ ਚਾਰਜ ਸੰਭਾਲਿਆ ਹੈ ਚਾਰਜ ਸੰਭਾਲਣ ਉਪਰੰਤ ਕੰਮ ਕਰਨਾ ਸ਼ੁਰੂ ਕਰ ਦਿੱਤਾ ਹੈ ਪਤਰਕਾਰਾਂ ਦੇ ਰੂਬਰੂ ਹੋ ਕੇ ਨਾਇਬ ਤਹਿਸੀਲਦਾਰ ਉਂਕਾਰ ਸਿੰਘ ਨੇ ਕਿਹਾ ਕਿ ਕਾਦੀਆ ਸਬ ਤਹਿਸੀਲ ਵਿਚ ਜਿਹਨੇ ਵੀ ਪਿੰਡ ਆਉਂਦੇ ਹਨ ਉਹਨਾਂ ਪਿੰਡਾਂ ਦੇ ਲੋਕਾਂ ਦਾ ਮਾਨ ਸਨਮਾਨ ਅਤੇ ਕੰਮ ਪੂਰੀ ਇਮਾਨਦਾਰੀ ਨਾਲ ਕੀਤਾ ਜਾਵੇਗਾ ਕਿਸੇ ਨੂੰ ਵੀ ਕੋਈ ਮੁਸ਼ਕਲ ਆਉਣ ਨਹੀਂ ਦਿਤੀ ਜਾਵੇਗੀ। ਇਸ ਮੋਕੇ ਸਮੂਹ ਤਹਿਸੀਲ ਸਟਾਫ ਅਤੇ ਵਸੀਕਾ ਨਵੀਸਾਂ ਨੇ ਉਹਨਾਂ ਦਾ ਸਵਾਗਤ ਕੀਤਾ। ਇਸ ਮੋਕੇ ਨਾਇਬ ਤਹਿਸੀਲਦਾਰ ਨੇ ਕਿਹਾ ਕਿ ਲੋਕਾਂ ਦੇ ਕੰਮ ਪਹਿਲ ਦੇ ਅਧਾਰ ਤੇ ਕੀਤੇ ਜਾਣਗੇ ਉਹਨਾਂ ਕਿਹਾ ਕਿ ਜੋ ਵੀ ਲੋਕ ਸੱਬ ਤਹਿਸੀਲ ਕਾਦੀਆਂ ਰਾਹੀਂ ਆਪਣੇ ਕੰਮ ਕਰਵਾਉਣਾ ਚਾਹੁੰਦੇ ਹਨ ਉਹ ਆਪਣੇ ਦਸਤਾਵੇਜ਼ ਮੁਕੰਮਲ ਰੱਖਣ। ਜੇ ਕਿਸੇ ਨੂੰ ਕੋਈ ਮੁਸ਼ਿਕਲ ਆਓਂਦੀ ਹੈ ਤਾਂ ਓਹ ਮੈਨੂੰ ਮਿਲ ਸਕਦਾ ਹੈ। ਇਸ ਮੋਕੇ ਪਵਨ ਕੁਮਾਰ,ਗੁਰਪ੍ਰੀਤ ਸਿੰਘ, ਵਿਕਰਮ ਕੁਮਾਰ ਬਲਵਿੰਦਰ ਸਿੰਘ,ਗੁਰਨਾਮ ਸਿੰਘ,ਜਗਦੀਪ ਸਿੰਘ, ਕਨਵਰਪਾਲ ਸਿੰਘ,, ਰਜਿੰਦਰ ਸਿੰਘ, ਮੇਜਰ ਸਿੰਘ,,ਦਵਿੰਦਰ ਕੁਮਾਰ ਸ਼ਰਮਾ, ਸੁਖਦੇਵ ਸਿੰਘ ਬੁੱਟਰ ਨੰਬਰਦਾਰ, ਸਰਜੋਗ ਸਿੰਘ, ਰਮੇਸ਼ ਕੁਮਾਰ ਆਦਿ ਹਾਜ਼ਰ ਸਨ

# ਆਰਐਸਐਸ ਦੀ ਵਿਚਾਰਧਾਰਾ ਆਧੁਨਿਕ ਜਮਹੂਰੀ ਰਾਸ਼ਟਰ-ਰਾਜ ਦੇ ਵਿਚਾਰ ਦੇ ਵਿਰੁੱਧ ਅਤੇ ਰਾਸ਼ਟਰ ਵਿਰੋਧੀ: ਸੰਯੁਕਤ ਕਿਸਾਨ ਮੋਰਚਾ



**ਨਵੀਂ ਦਿੱਲੀ, 19 ਮਾਰਚ (ਮਨਪ੍ਰੀਤ ਸਿੰਘ ਖਾਲਸਾ):-**ਸੰਯੁਕਤ ਕਿਸਾਨ ਮੋਰਚਾ ਨੇ ਦੇਸ਼ ਵਿੱਚ ਅਸ਼ਾਂਤੀ ਫੈਲਾਉਣ, ਪੰਜਾਬ ਅਤੇ ਹਰਿਆਣਾ ਵਿੱਚ ਵੱਖਵਾਦ ਅਤੇ ਅੱਤਵਾਦ ਨੂੰ ਬੜ੍ਹਾਵਾ ਦੇਣ ਅਤੇ ਕਿਸਾਨ ਸੰਘਰਸ਼ ਰਾਹੀਂ ਅਰਾਜਕਤਾ ਫੈਲਾਉਣ ਲਈ ਆਰ.ਐਸ.ਐਸ. ਦੀ ਸਖ਼ਤ ਨਿਖੇਧੀ ਕੀਤੀ ਹੈ। ਇਹ ਬਿਨਾਂ ਕਿਸੇ ਤੱਥ ਦੇ ਇੱਕ ਗੰਭੀਰ ਇਲਜ਼ਾਮ ਹੈ ਅਤੇ ਮੋਦੀ ਸਰਕਾਰ ਦੀਆਂ ਕਿਸਾਨ ਵਿਰੋਧੀ, ਮਜ਼ਦੂਰ ਵਿਰੋਧੀ ਅਤੇ ਕਾਰਪੋਰੇਟ ਪੱਖੀ ਨੀਤੀਆਂ ਵਿਰੁੱਧ ਕਿਸੇ ਵੀ ਅਸਹਿਮਤੀ ਨੂੰ 'ਰਾਸ਼ਟਰ ਵਿਰੋਧੀ' ਵਜੋਂ ਪੇਸ਼ ਕਰਨ ਦੇ ਕਾਰਪੋਰੇਟ ਯਤਨਾਂ ਦਾ ਹਿੱਸਾ ਹੈ। ਮੋਦੀ ਰਾਜ ਦੇ ਤਹਿਤ ਸਿਰਫ 10% ਤੋਂ ਘੱਟ ਕਿਸਾਨਾਂ ਨੂੰ ਐਮਐਸਪੀ @ਏ-2+ਐਫਐਲ ਦਾ ਭੁਗਤਾਨ ਕੀਤਾ ਜਾਂਦਾ ਹੈ। ਮੋਦੀ ਸਰਕਾਰ ਨੇ ਕਾਰਪੋਰੇਟ ਕੰਪਨੀਆਂ ਦੇ 14.68 ਲੱਖ ਕਰੋੜ ਰੁਪਏ ਦੇ ਬਕਾਇਆ ਕਰਜ਼ੇ ਤਾਂ ਮੁਆਫ਼ ਕਰ ਦਿੱਤੇ ਹਨ, ਪਰ ਕਿਸਾਨਾਂ ਦਾ ਇੱਕ ਰੁਪਇਆ ਵੀ ਮੁਆਫ਼ ਨਹੀਂ ਕੀਤਾ ਹੈ। ਆਰਬੀਆਈ ਦੇ ਤਾਜ਼ਾ ਅੰਕੜਿਆਂ ਅਨੁਸਾਰ, ਭਾਜਪਾ ਸ਼ਾਸਤ ਰਾਜਾਂ ਗੁਜਰਾਤ, ਮੱਧ ਪ੍ਰਦੇਸ਼ ਅਤੇ ਉੱਤਰ ਪ੍ਰਦੇਸ਼ ਵਿੱਚ ਵਰਕਰਾਂ ਨੂੰ 221 ਰੁਪਏ ਤੋਂ 241 ਰੁਪਏ ਤੱਕ ਦੀ ਸਭ ਤੋਂ ਘੱਟ ਦਿਹਾੜੀ ਦਿੱਤੀ ਜਾ ਰਹੀ ਹੈ - ਜੋ ਕਿ 349 ਰੁਪਏ ਦੀ ਰਾਸ਼ਟਰੀ ਔਸਤ ਤੋਂ ਬਹੁਤ ਘੱਟ ਹੈ। ਇਹ ਬਹੁਗਿਣਤੀ ਲੋਕਾਂ ਦੀ ਰੋਜ਼ੀ-ਰੋਟੀ ਦੇ ਅਸਲ ਮੁੱਦੇ ਹਨ, ਜਿਨ੍ਹਾਂ 'ਤੇ ਆਮ ਚੋਣਾਂ ਵਿਚ ਬਹਿਸ ਕਰਨ ਦੀ ਲੋੜ ਹੈ। ਭਾਰਤ ਵਿੱਚ ਕਿਸਾਨ ਅੰਦੋਲਨ ਦਾ ਹਮੇਸ਼ਾ ਮਹਾਨ ਕੁਰਬਾਨੀ ਨਾਲ ਲੜਨ ਦਾ ਸ਼ਾਨਦਾਰ ਇਤਿਹਾਸ ਰਿਹਾ ਹੈ ਬਸਤੀਵਾਦੀ ਦੌਰ ਵਿੱਚ, ਕਿਸਾਨਾਂ ਨੇ ਜ਼ਿਮੀਂਦਾਰ-ਸਾਮਰਾਜਵਾਦੀ ਸ਼ਾਸਨ ਦੇ ਵਿਰੁੱਧ ਲੜਾਈ ਲੜੀ, ਜਿਸ ਨਾਲ ਲੋਕਾਂ ਨੂੰ ਆਜ਼ਾਦੀ ਪ੍ਰਾਪਤ ਕਰਨ ਵਿੱਚ ਮਦਦ ਮਿਲੀ। ਅਜੋਕੇ ਯੁੱਗ ਵਿੱਚ ਕਿਸਾਨ ਲਹਿਰ ਕਾਰਪੋਰੇਟ-ਫਿਰਕਾਪ੍ਰਸਤ ਨਰਿੰਦਰ ਮੋਦੀ ਹਕੂਮਤ ਵਿਰੁੱਧ ਬਹਾਦਰੀ ਨਾਲ ਲੜ ਰਹੀ ਹੈ, ਜਿਸ ਦੀਆਂ ਨੀਤੀਆਂ ਆਮ ਲੋਕਾਂ ਖਾਸ ਕਰਕੇ ਕਿਸਾਨਾਂ ਅਤੇ ਮਜ਼ਦੂਰਾਂ ਦੀ ਕਾਰਪੋਰੇਟ ਲੁੱਟ ਨੂੰ ਬੜ੍ਹਾਵਾ ਦੇ ਰਹੀਆਂ ਹਨ। ਆਰਐਸਐਸ, ਜਿਸ ਨੇ ਆਪਣੇ ਵਰਕਰਾਂ ਨੂੰ ਆਉਣ ਵਾਲੀਆਂ ਆਮ ਚੋਣਾਂ ਵਿੱਚ 100% ਵੋਟਿੰਗ ਯਕੀਨੀ ਬਣਾਉਣ ਲਈ ਨਿਰਦੇਸ਼ ਦਿੱਤੇ ਹਨ, ਕਿਸਾਨਾਂ ਦੀਆਂ ਸਾਰੀਆਂ ਫਸਲਾਂ ਲਈ ਐਮਐਸਪੀ@ਸੀ2+50% 'ਤੇ ਗਾਰੰਟੀਸ਼ੁਦਾ ਖਰੀਦ, ਕਰਜ਼ਾ ਮੁਆਫੀ ਅਤੇ 26000 ਰੁਪਏ ਪ੍ਰਤੀ ਮਹੀਨਾ ਘੱਟੋ-ਘੱਟ ਉਜਰਤ ਪ੍ਰਦਾਨ ਕਰਨ ਦੀ ਵੀ ਉਮੀਦ ਕੀਤੀ ਜਾਂਦੀ ਹੈ। ਸਾਨੂੰ ਮਸਲਿਆਂ 'ਤੇ ਆਪਣਾ ਰੁਖ ਸਪੱਸ਼ਟ ਕਰਨਾ ਚਾਹੀਦਾ ਹੈ। ਹਿੰਦੂ ਰਾਸ਼ਟਰ ਦੀ ਵੰਡਵਾਦੀ ਅਤੇ ਫਿਰਕੂ ਵਿਚਾਰਧਾਰਾ 'ਪਾੜੋ ਅਤੇ ਰਾਜ ਕਰੋ' ਦੀ ਬ੍ਰਿਟਿਸ਼ ਸਾਮਰਾਜਵਾਦੀ ਰਣਨੀਤੀ ਤੋਂ ਉਪਜੀ ਸੀ ਜਿਸ ਨੇ ਬਸਤੀਵਾਦੀ ਭਾਰਤ ਵਿਚ ਫਿਰਕੂ ਧਰੁਵੀਕਰਨ ਨੂੰ ਭੜਕਾਇਆ, ਜਿਸ ਨਾਲ ਵਹਿਸ਼ੀ ਖ਼ੂਨ-ਖਰਾਬੇ ਅਤੇ ਦੋ ਪ੍ਰਮੁੱਖ ਕੌਮਾਂ-ਪੰਜਾਬ ਅਤੇ ਬੰਗਾਲ ਦੇ ਵੱਖ ਹੋਣ ਦੀ ਦਰਦਨਾਕ ਤ੍ਰਾਸਦੀ ਹੋਈ। ਇਸ ਦੇ ਨਤੀਜੇ ਵਜੋਂ ਅਣਵੰਡੇ ਭਾਰਤ ਦੀ ਵੰਡ ਧਰਮ ਨਿਰਪੱਖ ਭਾਰਤ ਅਤੇ ਧਰਮ ਅਧਾਰਤ ਪਾਕਿਸਤਾਨ ਵਿੱਚ ਹੋਈ। ਹਿੰਦੂ ਰਾਸ਼ਟਰ ਦੀ ਆਰਐਸਐਸ ਦੀ ਵਿਚਾਰਧਾਰਾ - ਇੱਕ ਧਰਮ ਸ਼ਾਸਤਰੀ ਰਾਜ, ਇੱਕ ਆਧੁਨਿਕ ਲੋਕਤੰਤਰੀ ਰਾਸ਼ਟਰ-ਰਾਜ ਦੇ ਵਿਚਾਰ ਦਾ ਵਿਰੋਧੀ ਹੈ ਅਤੇ ਭਾਰਤ ਦੇ ਧਰਮ ਨਿਰਪੱਖ-ਜਮਹੂਰੀ ਸੰਵਿਧਾਨ, ਸਾਰੇ ਧਰਮਾਂ ਦੇ ਲੋਕਾਂ ਦੁਆਰਾ ਲੜੇ ਗਏ ਆਜ਼ਾਦੀ ਦੇ ਸੰਘਰਸ਼ ਦੀ ਸਾਡੀ ਮਹਾਨ ਪਰੰਪਰਾ ਨੂੰ ਚੁਣੌਤੀ ਦਿੰਦੀ ਹੈ ਅਤੇ ਇਸ ਲਈ ਆਰਐਸਐਸ ਦੀ ਵਿਚਾਰਧਾਰਾ ਰਾਸ਼ਟਰ ਵਿਰੋਧੀ ਹੈ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਸਰਦਾਰ ਤਰਨਜੀਤ ਸਿੰਘ ਸੰਧੂ ਨੇ ਦੇਸ਼ ਤੇ ਸਮਾਜ ਦੀ ਸੇਵਾ ’ਚ ਨਵਾਂ ਅਧਿਆਇ ਸ਼ੁਰੂ ਕਰਨ ਦਾ ਅਵਸਰ ਦੇਣ ਲਈ ਭਾਜਪਾ ਪ੍ਰਧਾਨ ਜੇ ਪੀ ਨੱਢਾ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ

# ਅਮਰੀਕਾ ’ਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਭਾਜਪਾ ’ਚ ਸ਼ਾਮਲ

## ਵਿਕਾਸ ਨੀਤੀਆਂ ਦੇਸ਼ ਦੇ ਬਾਕੀ ਹਿੱਸਿਆਂ ਦੀ ਤਰਾਂ ਅੰਮ੍ਰਿਤਸਰ ਪੰਜਾਬ ਵੀ ਪਹੁੰਚਣੀਆਂ ਚਾਹੀਦੀਆਂ ਹਨ - ਤਰਨਜੀਤ ਸਿੰਘ ਸੰਧੂ







**ਅੰਮ੍ਰਿਤਸਰ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਅਮਰੀਕਾ ’ਚ ਭਾਰਤ ਦੇ ਸਾਬਕਾ ਰਾਜਦੂਤ ਤਰਨਜੀਤ ਸਿੰਘ ਸੰਧੂ ਅੱਜ ਮੰਗਲਵਾਰ ਨੂੰ ਭਾਜਪਾ ’ਚ ਸ਼ਾਮਲ ਹੋ ਗਏ ਹਨ। ਉਨ੍ਹਾਂ ਨੂੰ ਨਵੀਂ ਦਿਲੀ ਵਿਖੇ ਭਾਰਤੀ ਜਨਤਾ ਪਾਰਟੀ ਦੇ ਜਨਰਲ ਸਕੱਤਰ ਵਿਨੋਦ ਤਾਵੜੇ ਨੇ ਰਸ਼ਮੀ ਤੌਰ ’ਤੇ ਭਾਜਪਾ ਵਿਚ ਸ਼ਾਮਿਲ ਕੀਤਾ। ਇਸ ਮੌਕੇ ਭਾਜਪਾ ਦੇ ਜਨਰਲ ਸਕੱਤਰ ਤਰੁਨ ਚੁੱਘ ਅਤੇ ਸਕੱਤਰ ਮਨਜਿੰਦਰ ਸਿੰਘ ਸਿਰਸਾ ਵੀ ਮੌਜੂਦ ਸਨ। ਸ਼੍ਰੀ ਵਿਨੋਦ ਤਾਵੜੇ ਨੇ ਸਰਦਾਰ ਸੰਧੂ ਨੂੰ ਭਾਜਪਾ ਵਿਚ ਸ਼ਾਮਿਲ ਕਰਨ ’ਤੇ ਖ਼ੁਸ਼ੀ ਦਾ ਇਜ਼ਹਾਰ ਕਰਦਿਆਂ ਕਿਹਾ ਕਿ ਸਰਦਾਰ ਸੰਧੂ ਨੇ ਦੇਸ਼ ਵਿਚ ਹੀ ਨਹੀਂ ਵਿਦੇਸ਼ਾਂ ਵਿਚ ਵੀ ਭਾਰਤ ਦਾ ਝੰਡਾ ਬੁਲੰਦ ਕੀਤਾ ਹੈ। ਉਨ੍ਹਾਂ ਸਰਦਾਰ ਸੰਧੂ ਦੇ ਪਰਿਵਾਰਕ ਪਿਛੋਕੜ ’ਤੇ ਰੋਸ਼ਨੀ ਪਾਉਂਦਿਆਂ ਕਿਹਾ ਕਿ ਸੰਧੂ ਦੇ ਦਾਦਾ ਜੀ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਨਾ ਕੇਵਲ ਗੁਰਦੁਆਰਾ ਸੁਧਾਰ ਲਹਿਰ ਸਗੋਂ ਦੇਸ਼ ਦੀ ਅਜ਼ਾਦੀ ਸੰਘਰਸ਼ ਵਿਚ ਵੀ ਅਹਿਮ ਭੂਮਿਕਾ ਰਹੀ। ਉਨ੍ਹਾਂ ਕਿਹਾ ਕਿ ਸ਼. ਸੰਧੂ ਦੇ ਮਾਤਾ ਪਿਤਾ ਦਾ ਵੀ ਸਿੱਖਿਆ ਦੇ ਖੇਤਰ ਵਿਚ ਅਹਿਮ ਦੇਣ ਰਿਹਾ , ਪਿਤਾ ਸਰਦਾਰ ਬਿਸ਼ਨ ਸਿੰਘ ਸਮੁੰਦਰੀ ਪ੍ਰਸਿੱਧ ਖ਼ਾਲਸਾ ਕਾਲਜ ਦੇ ਪ੍ਰਿੰਸੀਪਲ ਅਤੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਰਹੇ ਹਨ। ਉਨ੍ਹਾਂ ਅੱਗੇ ਕਿਹਾ ਕਿ ਤਰਨਜੀਤ ਸਿੰਘ ਸੰਧੂ ਇਕ ਤਜਰਬੇਕਾਰ ਅਤੇ ਲਿਆਕਤ ਦੇ ਮਾਲਕ ਹਨ, ਅਜਿਹੇ ਵਿਅਕਤੀ ਦੀ ਭਾਜਪਾ ਅਤੇ ਦੇਸ਼ ਨੂੰ ਸਖ਼ਤ ਜ਼ਰੂਰਤ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਵਿਕਾਸ ਮੁਖੀ ਯੋਜਨਾਵਾਂ ਨੂੰ ਲਾਗੂ ਕਰਨ ਤੋਂ ਇਲਾਵਾ ਪੰਜਾਬ ਨੂੰ ਨਵੀਂ ਦਿਸ਼ਾ ਤੇ ਦਸ਼ਾ ’ਚ ਲਿਆਉਣਾ ਚਾਹੁੰਦੇ ਹਨ। ਪ੍ਰਧਾਨ ਮੰਤਰੀ ਮੋਦੀ ਵਿਕਾਸ ਯੋਜਨਾਵਾਂ ਨੂੰ ਲੈ ਕੇ ਦੇਸ਼ ਨੂੰ ਗਰੰਟੀ ਦੇਣੀ ਚਾਹੁੰਦੇ ਹਨ, ਸਰਦਾਰ ਸੰਧੂ ਉਨ੍ਹਾਂ ਗਰੰਟੀਆਂ ਨੂੰ ਹੋਰ ਮਜ਼ਬੂਤੀ ਪ੍ਰਦਾਨ ਕਰਨਗੇ।

ਇਸ ਮੌਕੇ ਸਰਦਾਰ ਤਰਨਜੀਤ ਸਿੰਘ ਸੰਧੂ ਨੇ ਦੇਸ਼ ਤੇ ਸਮਾਜ ਦੀ ਸੇਵਾ ’ਚ ਨਵਾਂ ਅਧਿਆਇ ਸ਼ੁਰੂ ਕਰਨ ਦਾ ਅਵਸਰ ਦੇਣ ਲਈ ਭਾਜਪਾ ਪ੍ਰਧਾਨ ਜੇ ਪੀ ਨੱਢਾ, ਪ੍ਰਧਾਨ ਮੰਤਰੀ ਨਰਿੰਦਰ ਮੋਦੀ, ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਦਾ ਤਹਿ ਦਿਲੋਂ ਧੰਨਵਾਦ ਕੀਤਾ ਹੈ। ਉਨ੍ਹਾਂ ਕਿਹਾ ਕਿ ਪ੍ਰਧਾਨ ਮੰਤਰੀ ਨੇ ਵਿਕਾਸ ’ਤੇ ਫੋਕਸ ਕੀਤਾ ਹੋਇਆ ਹੈ। ਉਨ੍ਹਾਂ ਨੇ ਪਿਛਲੇ 10 ਸ਼ਾਲ ਪ੍ਰਧਾਨ ਮੰਤਰੀ ਮੋਦੀ ਦੀ ਅਗਵਾਈ ’ਚ ਕੰਮ ਕੀਤਾ। ਜਿਸ ਦੌਰਾਨ ਅਮਰੀਕਾ ਅਤੇ ਭਾਰਤ ਦੀ ਸਾਂਝ ਹੁਣ ਭਾਈਵਾਲੀ ’ਚ ਬਦਲ ਚੁੱਕੀ ਹੈ। ਅਮਰੀਕੀ ਕੰਪਨੀਆਂ ਭਾਰਤ ’ਚ ਪੂੰਜੀ ਨਿਵੇਸ਼ ਕਰ ਰਹੀਆਂ ਹਨ। ਇਸ ਨਿਵੇਸ਼ ਦਾ ਲਾਭ ਅੰਮ੍ਰਿਤਸਰ ਪੰਜਾਬ ਨੂੰ ਵੀ ਹੋਣਾ ਚਾਹੀਦਾ ਹੈ। ਗੁਰੂ ਨਗਰੀ ਅੰਮ੍ਰਿਤਸਰ ਮੇਰਾ ਹੋਮ ਟਾਊਨ ਹੈ। ਅੰਮ੍ਰਿਤਸਰ ਦੀ ਸਿੱਖਿਆ, ਵਪਾਰ, ਉਦਯੋਗ, ਮੈਡੀਕਲ-ਹੈਲਥ ਕੇਅਰ, ਟੂਰਿਜ਼ਮ, ਖੇਤੀ ਸੈਕਟਰ ਵਿਚ ਵਿਕਾਸ ਦੀਆਂ ਬਹੁਤ ਸਾਰੀਆਂ ਸੰਭਾਵਨਾਵਾਂ ਹਨ। ਵਿਕਾਸ ਨੀਤੀਆਂ ਦੇਸ਼ ਦੇ ਬਾਕੀ ਹਿੱਸਿਆਂ ਦੀ ਤਰਾਂ ਅੰਮ੍ਰਿਤਸਰ ਪੰਜਾਬ ਵੀ ਪਹੁੰਚਣੀਆਂ ਚਾਹੀਦੀਆਂ ਹਨ।

### ਸਰਦਾਰ ਤਰਨਜੀਤ ਸਿੰਘ ਸੰਧੂ ਬਾਰੇ ਕੁਝ ਤੱਥ

23 ਜਨਵਰੀ 1963 ਨੂੰ ਸਿੱਖਿਆ ਸ਼ਾਸਤਰੀ ਮਾਤਾ ਪਿਤਾ ਦੇ ਘਰ ਜਨਮੇ, ਸਰਦਾਰ ਤਰਨਜੀਤ ਸਿੰਘ ਸੰਧੂ ਨੇ ਆਪਣੀ ਸ਼ੁਰੂਆਤੀ ਸਕੂਲੀ ਪੜ੍ਹਾਈ ਸੇਕਰਡ ਹਾਰਟ ਸਕੂਲ ਅਤੇ ਸੇਂਟ ਫਰਾਂਸਿਸ ਸਕੂਲ ਅੰਮ੍ਰਿਤਸਰ ਤੋਂ ਅਤੇ ਫਿਰ ਲਾਰੰਸ ਸਕੂਲ, ਸਨਾਵਰ ਵਿੱਚ ਕੀਤੀ। ਉਸ ਨੇ ਸੇਂਟ ਸਟੀਫਨਜ਼ ਕਾਲਜ, ਦਿੱਲੀ ਤੋਂ ਇਤਿਹਾਸ (ਆਨਰਜ਼) ਨਾਲ ਗ੍ਰੈਜੂਏਸ਼ਨ ਕੀਤੀ ਅਤੇ ਜਵਾਹਰ ਲਾਲ ਨਹਿਰੂ ਯੂਨੀਵਰਸਿਟੀ, ਨਵੀਂ ਦਿੱਲੀ ਤੋਂ ਅੰਤਰਰਾਸ਼ਟਰੀ ਸਬੰਧਾਂ ਵਿੱਚ ਮਾਸਟਰ ਦੀ ਡਿੱਗਰੀ ਹਾਸਲ ਕੀਤੀ। ਸਰਦਾਰ ਸੰਧੂ ਦਾ ਵਿਆਹ ਸ਼੍ਰੀਮਤੀ ਰੀਨਤ ਸੰਧੂ ਨਾਲ ਹੋਇਆ, ਜੋ ਭਾਰਤੀ ਵਿਦੇਸ਼ ਸੇਵਾ ਵਿੱਚ ਇੱਕ ਸੀਨੀਅਰ ਅਧਿਕਾਰੀ ਵਜੋਂ ਸ਼ੇਵਾ ਨਿਭਾ ਰਹੇ ਹਨ। ਰਾਜਦੂਤ ਤਰਨਜੀਤ ਸਿੰਘ ਸੰਧੂ 1988 ਵਿੱਚ ਭਾਰਤੀ ਵਿਦੇਸ਼ ਸੇਵਾ ਵਿੱਚ ਸ਼ਾਮਲ ਹੋਏ।

ਭਾਰਤੀ ਵਿਦੇਸ਼ ਸੇਵਾ ਅਧਿਕਾਰੀ ਵਜੋਂ ਸਰਦਾਰ ਸੰਧੂ ਦਾ ਸਫ਼ਰ ਬਹੁਤ ਚੁਨੌਤੀਆਂ ਭਰਿਆ ਪਰ ਸ਼ਾਨਦਾਰ ਰਿਹਾ। ਸੰਯੁਕਤ ਰਾਜ ਅਮਰੀਕਾ ਵਿੱਚ ਭਾਰਤ ਦਾ ਰਾਜਦੂਤ ਬਣ ਕੇ ਵਾਸ਼ਿੰਗਟਨ ਦੇ ਨਾਲ ਨਵੀਂ ਦਿੱਲੀ ਦੇ ਸਬੰਧਾਂ ਨੂੰ ਗਹਿਰਾ ਕਰਨ ਵਿੱਚ ਮੁੱਖ ਭੂਮਿਕਾ ਨਿਭਾ ਚੁੱਕੇ ਸਰਦਾਰ ਤੇਜਾ ਸਿੰਘ ਸਮੁੰਦਰੀ ਦਾ ਹੋਣਹਾਰ ਪੋਤਾ ਅਤੇ ਸਰਦਾਰ ਬਿਸ਼ਨ ਸਿੰਘ ਸਮੁੰਦਰੀ ਦੇ ਸਪੁੱਤਰ ਮਿੱਠ ਬੋਲੜੇ ਤਰਨਜੀਤ ਸਿੰਘ ਸੰਧੂ ਦੇ ਕਿਰਦਾਰ ’ਚ ਇਮਾਨਦਾਰੀ, ਹਲੀਮੀ ਦੇਸ਼ ਕੌਮ ਪ੍ਰਤੀ ਲਗਨ ਸਪਸ਼ਟ ਨਜ਼ਰ ਆਉਂਦੇ ਹਨ। ਇਕ ਰਾਜਦੂਤ ਵਜੋਂ ਉ ਦੀ ਵਚਨਬੱਧਤਾ ਅਮਰੀਕਾ ਅਤੇ ਭਾਰਤ ਦੀ ਸਾਂਝ ਨੂੰ ਮਜ਼ਬੂਤ ਕਰਦਿਆਂ ਭਾਈਵਾਲੀ ਵਿਚ ਤਬਦੀਲ ਕਰਨ ਵਿਚ ਉਨ੍ਹਾਂ ਦੀ ਮੁੱਖ ਭੂਮਿਕਾ ਰਹੀ। ਉਸ ਨੇ ਦੋਹਾਂ ਦੇਸ਼ਾਂ ਵਿਚਕਾਰ ਕਾਰੋਬਾਰ, ਗਿਆਨ ਅਤੇ ਸਿੱਖਿਆ ਦੀ ਭਾਈਵਾਲੀ ਨੂੰ ਮਜ਼ਬੂਤੀ ਦਿੱਤੀ। ਪ੍ਰਧਾਨ ਮੰਤਰੀ ਨਰਿੰਦਰ ਮੋਦੀ 2014 ’ਚ ਅਮਰੀਕਾ ਫੇਰੀ ਦੇ ਦੌਰਾਨ ਨਿਊਯਾਰਕ ਵਿਖੇ ਡਾਇਸਪੋਰਾ ਸਿੱਖ ਭਾਈਚਾਰੇ ਦੀ ਡੈਲੀਗੇਸ਼ਨ ਨਾਲ ਪ੍ਰਧਾਨ ਮੰਤਰੀ ਮੋਦੀ ਦੀ ਮੁਲਾਕਾਤ ਕਰਾਉਂਦਿਆਂ ਸਿੱਖਾਂ ਦੀ ਕਾਲੂ ਸੂਚੀ ਨੂੰ ਹਟਵਾਉਣ ਦਾ ਸਿਹਰਾ ਤਰਨਜੀਤ ਸਿੰਘ ਸੰਧੂ ਸਿਰ ਜਾਂਦਾ ਹੈ। ਇਕ ਵਾਰ ਫਿਰ 2016 ’ਚ ਪ੍ਰਧਾਨ ਮੰਤਰੀ ਮੋਦੀ ਦਾ ਕੈਲੇਫੋਰਨੀਆ ਦੌਰਾ ਕਰਾਇਆ ਗਿਆ। ਇਸੇ ਤਰਾਂ ਅਕਤੂਬਰ 2016 ’ਚ ਪ੍ਰਧਾਨ ਮੰਤਰੀ ਮੋਦੀ ਦੁਆਰਾ ਅਮਰੀਕਾ ਫੇਰੀ ਦੌਰਾਨ ਵਾਸ਼ਿੰਗਟਨ ਡੀ ਸੀ ਵਿਖੇ ਯੂ ਐਸ ਕਾਂਗਰਸ ਨੂੰ ਸੰਬੋਧਨ ਕਰਨਾ ਇਕ ਅੰਬੈਸਡਰ ਵਜੋਂ ਸਰਦਾਰ ਸੰਧੂ ਦੀ ਇਕ ਵੱਡੀ ਪ੍ਰਾਪਤੀ ਸੀ। ਜਿਸ ਦੀ ਬਦੌਲਤ ਭਾਰਤ ਦੀ ਸਥਿਤੀ ਨੂੰ ਵਿਸ਼ਵ ਪੱਧਰ ’ਤੇ ਬਹੁਤ ਮਜ਼ਬੂਤੀ ਮਿਲੀ। ਸੇਵਾ ਮੁਕਤੀ ਤੋਂ ਪਹਿਲਾਂ ਇਹ ਇਕ ਅਧਿਕਾਰੀ ਵਜੋਂ ਸਰਦਾਰ ਸੰਧੂ ਦੀ ਅਮਰੀਕਾ ਵਿਚ ਇਹ ਤੀਜੀ ਪਾਰੀ ਸੀ। ਇਸ ਤੋਂ ਪਹਿਲਾਂ ਉਹ 2013 ਤੋਂ 2017 ਲਈ ਵਾਸ਼ਿੰਗਟਨ ਡੀ ਸੀ ਵਿੱਚ ਭਾਰਤੀ ਮਿਸ਼ਨ ਦੇ ਡਿਪਟੀ ਚੀਫ਼ ਅਤੇ ਇਸ ਤੋਂ ਪਹਿਲਾਂ 1997-2000 ’ਚ ਫ਼ਸਟ ਸੈਕਟਰੀ ( ਰਾਜਨੀਤਿਕ) ਵਜੋਂ ਸੰਯੁਕਤ ਰਾਜ ਕਾਂਗਰਸ ਨਾਲ ਤਾਲਮੇਲ ਲਈ ਵਾਸ਼ਿੰਗਟਨ ਡੀ ਸੀ ਦੀ ਭਾਰਤੀ ਅੰਬੈਸੀ ’ਚ ਦੋ ਵਾਰ ਸੇਵਾ ਕਰ ਚੁੱਕੇ ਸਨ। ਬਹੁ-ਪੱਖੀ ਕੂਟਨੀਤੀ ਦੇ ਖੇਤਰ ਵਿੱਚ, ਰਾਜਦੂਤ ਸੰਧੂ ਨੇ ਸੰਯੁਕਤ ਸਕੱਤਰ ਵਜੋਂ 2009 ਨੂੰ ਵਿਦੇਸ਼ ਮੰਤਰਾਲੇ ਵਿੱਚ ਸੰਯੁਕਤ ਰਾਸ਼ਟਰ ਡਿਵੀਜ਼ਨ ਦੀ ਅਗਵਾਈ ਕੀਤੀ ਅਤੇ 2005 ਤੋਂ 2009 ਲਈ ਸੰਯੁਕਤ ਰਾਸ਼ਟਰ, ਨਿਊਯਾਰਕ ਵਿੱਚ ਭਾਰਤ ਦੇ ਸਥਾਈ ਮਿਸ਼ਨ ਵਿੱਚ ਸੇਵਾ ਨਿਭਾਈ।

ਰਾਜਦੂਤ ਸੰਧੂ 2017 ਤੋਂ 2020 ’ਚ ਸ੍ਰੀਲੰਕਾ ਵਿੱਚ ਭਾਰਤ ਦੇ ਹਾਈ ਕਮਿਸ਼ਨਰ ਬਣ ਕੇ ਭਾਰਤ ਸ਼੍ਰੀ ਲੰਕਾ ਦੇ ਸੰਬੰਧਾਂ ਨੂੰ ਸੁਖਾਲਾ ਕੀਤਾ ਅਤੇ ਇਸ ਤੋਂ ਪਹਿਲਾਂ ਸਿਆਸੀ ਵਿੰਗ ਦੇ ਮੁਖੀ ਵਜੋਂ 2000-2004 ਨੂੰ ਕੋਲੰਬੋ ਦੇ ਭਾਰਤੀ ਹਾਈ ਕਮਿਸ਼ਨ ਵਿੱਚ ਵੀ ਕੰਮ ਕੀਤਾ।

ਉਸ ਦੇ ਹੋਰ ਕੂਟਨੀਤਕ ਕਾਰਜਾਂ ਵਿੱਚ ਸਤੰਬਰ 2011 ਤੋਂ ਜੁਲਾਈ 2013 ਦਾ ਫਰੈਂਕਫਰਟ ਵਿੱਚ ਭਾਰਤ ਦੇ ਕੌਂਸਲ ਜਨਰਲ, ਮਾਸਕੋ ਵਿੱਚ 1990-1992 ਲਈ ਭਾਰਤੀ ਮਿਸ਼ਨ ਵਿੱਚ ਤੀਜੇ ਸਕੱਤਰ/ਦੂਜੇ ਸਕੱਤਰ ਅਤੇ ਸੋਵੀਅਤ ਯੂਨੀਅਨ ਦੇ ਟੁੱਟਣ ਤੋਂ ਬਾਅਦ ਯੁਕਰੇਨ ਦੇ ਕੀਵ ਵਿੱਚ ਭਾਰਤ ਦਾ ਨਵਾਂ ਦੂਤਾਵਾਸ ਖੋਲ੍ਹਣਾ ਵੀ ਸ਼ਾਮਲ ਹੈ, ਜਿੱਥੇ ਉਸ ਨੇ 1992 ਤੋਂ 1994 ਤਕ ਰਾਜਨੀਤਿਕ ਅਤੇ ਪ੍ਰਸ਼ਾਸਨ ਵਿੰਗ ਦੇ ਮੁਖੀ ਵਜੋਂ ਸੇਵਾ ਕੀਤੀ। ਸ. ਤਰਨਜੀਤ ਸਿੰਘ ਸੰਧੂ ਨੇ ਅਮਰੀਕਾ ਦੇ ਵਿਚ ਆਪਣੀ ਸੇਵਾਕਾਲ ਦੇ ਨਵੰਬਰ, 2023 ਦੌਰਾਨ ਅਮਰੀਕਾ ਦੇ ਸੀਆਟਲ ਵਿੱਚ ਭਾਰਤੀ ਕੌਂਸਲੇਟ ਖੋਲ੍ਹਣ ਦਾ ਮਾਣ ਹਾਸਲ ਕੀਤਾ ਹੈ।

ਇਸ ਤੋਂ ਪਹਿਲਾਂ ਵਿਦੇਸ਼ ਮੰਤਰਾਲੇ ਨਵੀਂ ਦਿੱਲੀ ’ਚ ਰਾਜਦੂਤ ਸੰਧੂ ਸੰਯੁਕਤ ਸਕੱਤਰ (ਪ੍ਰਸ਼ਾਸਨ) ਵਜੋਂ ਮਨੁੱਖੀ ਸੰਸਾਧਨ ਵਿਭਾਗ ਦੀ 2009-2011 ਤਕ ਅਗਵਾਈ ਕੀਤੀ। 1995-1997 ਨੂੰ ਉਨ੍ਹਾਂ ਅਧਿਕਾਰੀ ਆਨ ਸਪੈਸ਼ਲ ਡਿਊਟੀ (ਪ੍ਰੈੱਸ ਰਿਲੇਸ਼ਨ) ਵਜੋਂ ਭਾਰਤ ਵਿੱਚ ਵਿਦੇਸ਼ੀ ਮੀਡੀਆ ਨਾਲ ਤਾਲਮੇਲ ਲਈ ਜ਼ਿੰਮੇਵਾਰੀ ਸੰਭਾਲੀ। ਉਨ੍ਹਾਂ ਦੀਆਂ ਦੇਸ਼ ਪ੍ਰਤੀ ਸੇਵਾਵਾਂ ਮਾਣ ਯੋਗ ਹਨ।

### ਸਰਦਾਰ ਸੰਧੂ ਅੰਮ੍ਰਿਤਸਰ ਵਿਚ

ਸੰਯੁਕਤ ਰਾਜ ਅਮਰੀਕਾ ਵਿੱਚ ਭਾਰਤ ਦੇ ਰਾਜਦੂਤ ਵਜੋਂ ਦੇਸ਼ ਲਈ ਵਿਲੱਖਣ ਕੂਟਨੀਤਕ ਲਿਆਕਤ ਦਾ ਲੋਹਾ ਮਨਵਾ ਕੇ ਉੱਚਾ ਮੁਕਾਮ ਹਾਸਲ ਕਰਨ ਤੋਂ ਬਾਅਦ ਭਾਰਤੀ ਵਿਦੇਸ਼ ਸੇਵਾ ਤੋਂ ਸੇਵਾਮੁਕਤ ਹੋਏ ਸਰਦਾਰ ਤਰਨਜੀਤ ਸਿੰਘ ਸੰਧੂ ਵੱਲੋਂ ਅੱਜ ਕਲ ਆਪਣੇ ਜਨਮ ਭੌਂਈਂ ਗੁਰੂ ਕੀ ਨਗਰੀ ਅੰਮ੍ਰਿਤਸਰ ਦੇ ਗਰੀਨ ਐਵਿਨਿਊ ’ਚ ਸਥਿਤ ਪਰਿਵਾਰਕ ਨਿੱਜੀ ਗ੍ਰਹਿ ਸਮੁੰਦਰੀ ਹਾਊਸ ਤੋਂ ਸ਼ਹਿਰ ਦੇ ਤਰੱਕੀ ਤੇ ਖ਼ੁਸ਼ਹਾਲੀ ਲਈ ਦਿਨ ਰਾਤ ਇਕ ਕਰ ਰਹੇ ਹਨ। ਉਹ ਮਿੱਟੀ ਨਾਲ ਜੁੜੇ ਹੁਨਰਮੰਦ ਲੋਕਾਂ ਦੇ ਉਥਾਨ ਨੂੰ ਸਮਰਪਿਤ ਹਨ। ਆਪਣੇ ਲਈ ਲੋਕ ਸੇਵਾ ਦਾ ਇਕ ਨਵਾਂ ਬਿਰਤਾਂਤ ਸਿਰਜ ਰਿਹਾ ਹੋਣਾ ਆਪਣੀ ਮਿੱਟੀ ਨਾਲ ਮੋਹ ਦਾ ਲਖਾਇਕ ਹੈ।

ਉਨ੍ਹਾਂ ਨੇ ਬੀਤੇ ਕੁਝ ਦਿਨ ਨਵੀਂ ਦਿਲੀ ਵਿਖੇ ਵੱਖ ਵੱਖ ਕੇਂਦਰੀ ਮੰਤਰੀਆਂ ਨਾਲ ਮੁਲਾਕਾਤ ਕਰਦਿਆਂ ਅੰਮ੍ਰਿਤਸਰ ਦੇ ਵਿਕਾਸ, ਇਤਿਹਾਸਕ ਧਰੋਹਰਾਂ ਦੀ ਸੰਭਾਲ, ਅਮਰੀਕਨ ਕੌਂਸਲੇਟ ਖੁਲ੍ਹਵਾਉਣ, ਅੰਮ੍ਰਿਤਸਰ ਅੰਤਰਰਾਸ਼ਟਰੀ ਹਵਾਈ ਅੱਡੇ ਤੋਂ ਕੁਨੈਕਟੀਵਿਟੀ ’ਚ ਵਾਧਾ, ਏਅਰ ਕਾਰਗੋ, ਹਜ਼ੂਰ ਸਾਹਿਬ ਨੂੰ ਫਲਾਈਟ ਚਲਾਉਣ, ਆਈ ਟੀ ਆਈ , ਤੇ ਹੋਰ ਕਈ ਵਿਸ਼ਿਆਂ ਬਾਰੇ ਚਰਚਾ ਕੀਤੀ, ਜਿਸ ਨੂੰ ਕੇਂਦਰ ਤੋਂ ਹਾਂ ਪੱਖੀ ਹੁੰਗਾਰਾ ਮਿਲਿਆ।

ਉਹ ਹੋਰਨਾਂ ਦੀ ਤਰਾਂ ਸੇਵਾ ਮੁਕਤੀ ਉਪਰੰਤ ਆਰਾਮਦਾਇਕ ਜ਼ਿੰਦਗੀ ਬਿਤਾਉਣ ਦੀ ਥਾਂ ਅੰਮ੍ਰਿਤਸਰ ਦੇ ਨੇੜੇ ਖਾਨਕੋਟ ਦੀ ਆਪਣੇ ਪਰਿਵਾਰਕ ਜ਼ਮੀਨ ’ਤੇ ਆਬਾਦ ਬਾਗ਼ਬਾਨੀ ਨੂੰ ਉਤਸ਼ਾਹਿਤ ਕਰਨ ਤੋਂ ਇਲਾਵਾ ਵੱਖ ਵੱਖ ਪਿੰਡਾਂ ਦੇ ਖੇਤਾਂ ਵਿਚ ਕੰਮ ਕਰਦੇ ਕਿਸਾਨਾਂ ਨਾਲ ਖੇਤੀ ਆਮਦਨ ਵਧਾਉਣ ਲਈ ਖੇਤੀਬਾੜੀ ’ਚ ਨਵੀਨਤਾ ਲਿਆਉਣ ਅਤੇ ਅਗਾਂਹਵਧੂ ਸੋਚ ਵਾਲੇ ਡੇਅਰੀ ਫਾਰਮਰਾਂ ਨਾਲ ਡੇਅਰੀ ਫਾਰਮਿੰਗ ਵਿੱਚ ਨਵੀਨਤਾ ਅਤੇ ਕੁਸ਼ਲਤਾ ਵੱਲ ਇੱਕ ਸ਼ਾਨਦਾਰ ਕਦਮ ਦੀ ਲੋਚਾ ਕਰਦਿਆਂ ਅਮਰੀਕੀ ਡੇਅਰੀ ਫਾਰਮਾਂ ਦੇ ਸੰਚਾਲਨ ਬਾਰੇ ਉਹਨਾਂ ਨਾਲ ਆਪਣੀ ਜਾਣਕਾਰੀ ਸਾਂਝੀ ਕਰ ਰਿਹਾ ਹੈ। ਉਹ ਪ੍ਰਮੁੱਖ ਕਾਰੋਬਾਰੀਆਂ ਅਤੇ ਹੁਨਰਮੰਦਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਆਪਣੀ ਪਹੁੰਚ ਦੁਆਰਾ ਹੱਲ ਕਰਾਉਣ ’ਚ ਹੀ ਦਿਲਚਸਪੀ ਦਿਖਾ ਰਿਹਾ ਹੈ। ਉਹ ਇਕ ਪਾਸੇ ਕਾਰੋਬਾਰੀਆਂ ਅਤੇ ਉਦਯੋਗਾਂ ਨੂੰ ਅਤਿ-ਆਧੁਨਿਕ ਗਲੋਬਲ ਤਕਨਾਲੋਜੀਆਂ ਨੂੰ ਅਪਣਾ ਕੇ ਉਨ੍ਹਾਂ ਦੇ ਕਾਰੋਬਾਰ ਵਿੱਚ ਮਹੱਤਵਪੂਰਨ ਵਾਧੇ ਦੀ ਸੰਭਾਵਨਾ ਨੂੰ ਉਜਾਗਰ ਕਰਦਾ ਹੈ ਤਾਂ ਦੂਜੇ ਪਾਸੇ ਨਾਰੀ ਸ਼ਕਤੀ ਦੇ ਉਥਾਨ ਨੂੰ ਮੁੱਖ ਰਖਕੇ ਮਹਿਲਾ ਸਸ਼ਕਤੀਕਰਨ ’ਤੇ ਜ਼ੋਰ ਦਿੰਦਿਆਂ ਔਰਤਾਂ ਦੀ ਸਿੱਖਿਆ, ਸਿਹਤ ਸੰਭਾਲ, ਹੁਨਰ, ਆਮਦਨੀ ਦੇ ਵਸੀਲੇ ਪੈਦਾ ਕਰਨ ਅਤੇ ਵਧਾਉਣ ਦੀਆਂ ਰਣਨੀਤੀ ’ਤੇ ਉਨ੍ਹਾਂ ਨਾਲ ਚਰਚਾ ਕਰਦਾ ਹੈ। ਗਲ ਕੀ ਉਹ ਅਜਿਹਾ ਕਰਕੇ ਪੰਜਾਬ ਦੀ ਮਿੱਟੀ ਦਾ ਸੱਚਾ ਸਪੂਤ ਹੋਣ ਦਮ ਦਿਖਾ ਰਿਹਾ ਹੈ।

### ਸਰਦਾਰ ਤੇਜਾ ਸਿੰਘ ਸਮੁੰਦਰੀ

ਸ੍ਰੀਲੰਕਾ ਅਤੇ ਕੈਨੇਡਾ ਵਿੱਚ ਹਾਈ ਕਮਿਸ਼ਨਰ ਅਤੇ ਅਮਰੀਕਾ ’ਚ ਰਾਜਦੂਤ ਵਰਗੇ ਅਹਿਮ ਰੁਤਬਿਆਂ ਨੂੰ ਹੰਢਾ ਚੁੱਕੇ ਹੋਣ ਦੇ ਬਾਵਜੂਦ ਆਪਣੀ ਮਿੱਟੀ ਦੀ ਖ਼ੁਸ਼ਬੂ ਨੂੰ ਪਹਿਚਾਨਣ ਵਾਲੇ ਸਰਦਾਰ ਤਰਨਜੀਤ ਸਿੰਘ ਸੰਧੂ ਨੂੰ ਦੇਸ਼ ਕੌਮ ਸਮਾਜ ਤੇ ਆਪਣਿਆਂ ਦੀ ਸ਼ੇਵਾ ਕਰਨ ਦੀ ਇਹ ਗੁੜ੍ਹਤੀ ਪਰਿਵਾਰਕ ਵਿਰਾਸਤ ਤੋਂ ਮਿਲੀ ਹੈ। ਜਿਨ੍ਹਾਂ ਦੇ ਦਾਦਾ ਜੀ ਸਰਦਾਰ ਤੇਜਾ ਸਿੰਘ ਸਮੁੰਦਰੀ ਜਿਨ੍ਹਾਂ ਦੇ ਨਾਮ ’ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਦਫ਼ਤਰੀ ਇਮਾਰਤ ਪੂਰੀ ਉੱਚੀ ਅਤੇ ਸੁੱਚੀ ਸ਼ਾਨ ਨਾਲ ਖੜੀ ਹੋਣ ਕਾਰਨ ਸਿੱਖ ਹਲਕਿਆਂ ’ਚ ਕਿਸੇ ਜਾਣ ਪਹਿਚਾਣ ਦਾ ਮੁਥਾਜ ਨਹੀਂ ਹੈ। ਜੋ ਆਪਣੀ ਜਾਇਦਾਦ ਦਾ ਵੱਡਾ ਹਿੱਸਾ ਹੀ ਨਹੀਂ 44 ਸ਼ਾਲ ਦੀ ਉਮਰੇ 17 ਜੁਲਾਈ 1926 ਨੂੰ ਸੈਂਟਰਲ ਜੇਲ੍ਹ ਲਾਹੌਰ ਵਿਖੇ ਅਕਾਲ ਚਲਾਣਾ ਕਰਦਿਆਂ ਆਪਣੀ ਜ਼ਿੰਦਗੀ ਵੀ ਕੌਮ ’ਤੇ ਨਿਛਾਵਰ ਕਰ ਗਏ ਸਨ। ਉਸ ਵਕਤ ਲਾਹੌਰ ਅਤੇ ਅੰਮ੍ਰਿਤਸਰ ਵਿਖੇ ਉਨ੍ਹਾਂ ਦੇ ਮਾਤਮੀ ਜਲੂਸ ਵਿਚ ਸ਼ਾਮਿਲ ਹੋਏ ਲੱਖਾਂ ਲੋਕਾਂ ਵਿਚ ਕੋਈ ਵੀ ਅਜਿਹਾ ਨਹੀਂ ਸੀ ਜਿਸ ਦੀ ਅੱਖ ਨਮ ਨਾ ਹੋਈ ਹੋਵੇ। ਗੁਰਦੁਆਰਾ ਸੁਧਾਰ ਅਤੇ ਅਕਾਲੀ ਲਹਿਰ ਦੇ ਅਣਥੱਕ ਤੇ ਨਿਡਰ ਜਰਨੈਲ ਸਰਦਾਰ ਤੇਜਾ ਸਿੰਘ ਸਮੁੰਦਰੀ ਜ਼ਲੀਲਕੁਨ ਬ੍ਰਿਟਿਸ਼ ਸਰਕਾਰ ਦੀਆਂ ਸ਼ਰਤਾਂ ਨੂੰ ਜੁੱਤੀ ਦੀ ਨੋਕ ਨਾਲ ਠੁਕਰਾਉਣ ਵਾਲੇ ਸੱਚੇ ਸੁੱਚੇ ਬੇਬਾਕ ਅਕਾਲੀ ਆਗੂ ਅਤੇ ਕੁਰਬਾਨੀ ਦੇ ਪੁਤਲੇ ਸਨ। ਧਰਮ, ਪੰਥ, ਦੇਸ਼ ਅਤੇ ਕੌਮ ਦੇ ਜਿਸ ਸੁਚੱਜੇ ਕਾਰਜ ਵਿਚ ਲਗ ਜਾਂਦੇ ਸਨ ਉਸ ਲਈ ਤਨ ਮਨ ਧਨ ਨਾਲ ਸ਼ੇਵਾ ’ਚ ਜੁਟ ਜਾਂਦੇ ਸਨ। ਆਪ ਦੇ ਕੋਮਲ ਹਿਰਦੇ ’ਚ ਇਹ ਲਗਨ ਸੀ ਕਿ ਸਿੱਖ ਧਰਮ ਅਤੇ ਸਮਾਜ ਵਿਚ ਆਈਆਂ ਕੁਰੀਤੀਆਂ ਨੂੰ ਦੂਰ ਕਰਕੇ ਸਿੱਖਾਂ ਨੂੰ ਗੁਰੂ ਘਰ ਨਾਲ ਜੋੜਿਆ ਜਾਵੇ। ਸਮੁੰਦਰੀ ਸਾਹਿਬ ਬੜੀ ਬਰੀਕ ਅਤੇ ਪਾਰਖੂ ਦ੍ਰਿਸ਼ਟੀ ਦੇ ਮਾਲਕ ਸਨ। ਜਿਸ ਗੁਰੂ ਕੇ ਬਾਗ. ਅਤੇ ਜੈਤੋ ਦੇ ਮੋਰਚਿਆਂ ਵਿਚ ਸਿੱਖਾਂ ਨੇ ਸ਼ਾਂਤਮਈ ਰਹਿ ਕੇ ਵਿਲੱਖਣ ਮਿਸਾਲਾਂ ਪੇਸ਼ ਕਰਦਿਆਂ ਸੰਸਾਰ ਨੂੰ ਹੈਰਾਨੀ ’ਚ ਪਾ ਦਿੱਤਾ ਸੀ, ਉਸ ਦੇ ਮੁੱਖ ਨਾਇਕ ਅਤੇ ਸੰਚਾਲਕ ਸਰਦਾਰ ਤੇਜਾ ਸਿੰਘ ਹੀ ਸਨ। ਗੁਰੂ ਕੇ ਬਾਗ. ਮੋਰਚੇ ਦੇ ਕੈਦੀਆਂ ਦੇ ਜੁਰਮਾਨੇ ਤਾਰਨਾ ਹੋਵੇ ਅਤੇ ਉਨ੍ਹਾਂ ਦੇ ਪਰਿਵਾਰਾਂ ਦੀ ਸਹਾਇਤਾ ਲਈ ਫ਼ੰਡ ਇਕੱਠਾ ਕਰਨਾ ਹੋਵੇ ਜਾਂ ਅਕਾਲੀ ਅਖ਼ਬਾਰ ਨੂੰ ਜੀਵਤ ਰੱਖਣ ਲਈ ਚਾਲੀ ਹਜ਼ਾਰ ਦੀ ਜ਼ਮਾਨਤ ਜੋ ਉੰਨੀ ਦਿਨੀਂ ਇਕ ਬਹੁਤ ਵੱਡੀ ਰਕਮ ਸੀ, ਲਈ ਆਪਣੇ ਇਕ ਮੁਰੱਬੇ ਜ਼ਮੀਨ ਦਾ ਨੰਬਰ ਦੇ ਕੇ ਉਨ੍ਹਾਂ ਪੂਰੀ ਕੀਤੀ। ਉਨ੍ਹਾਂ ਦਾ ਨਿੱਜੀ ਆਚਰਨ ਕੰਚਨ ਵਰਗਾ ਸੀ ਤਾਂ ਉਨ੍ਹਾਂ ਦੇ ਜੀਵਨ ਨੇ ਭਾਰਤ ਅਤੇ ਪੰਜਾਬ ਦੇ ਵਿਚਾਰ ਨੂੰ ਵਿਲੱਖਣ ਬਣਾਇਆ। ਤੇਜਾ ਸਿੰਘ ਸਮੁੰਦਰੀ ਵਰਗੇ ਸੱਚੇ ਸੂਰਬੀਰ ਅਤੇ ਸ਼ਹੀਦ ਸਿੱਖ ਕੌਮ ਦਾ ਸਰਮਾਇਆ ਹਨ, ਜਿਨ੍ਹਾਂ ਤੋਂ ਨੌਜਵਾਨ ਪੀੜੀ ਸਦਾ ਪ੍ਰੇਰਣਾ ਲੈ ਦੀ ਰਹੇਗੀ। ਇਥੇ ਹੀ ਸਰਦਾਰ ਤੇਜਾ ਸਿੰਘ ਸਮੁੰਦਰੀ ਦੇ ਪੁੱਤਰ ਅਤੇ ਸਰਦਾਰ ਤਰਨਜੀਤ ਸਿੰਘ ਦੇ ਪਿਤਾ ਸਰਦਾਰ ਬਿਸ਼ਨ ਸਿੰਘ ਸਮੁੰਦਰੀ ਵੀ ਕੋਈ ਘਟ ਲਿਆਕਤ ਵਾਲੇ ਨਹੀਂ ਸਨ। ਹੋਣਹਾਰ ਹੋਣ ਕਰਕੇ ਸਰਦਾਰ ਬਿਸ਼ਨ ਸਿੰਘ ਸਮੁੰਦਰੀ ਨੂੰ 1957 ਵਿੱਚ ਵਿਦੇਸ਼ ਵਿੱਚ ਪੜ੍ਹਨ ਲਈ ਸਕਾਲਰਸ਼ਿਪ ਮਿਲੀ, ਅਤੇ ਉਨ੍ਹਾਂ ਅਮਰੀਕਾ (ਯੂਐਸ) ਵਿੱਚ ਓਹੀਓ ਸਟੇਟ ਯੂਨੀਵਰਸਿਟੀ ਤੋਂ ਮਾਸਟਰ ਡਿੱਗਰੀ ਪ੍ਰਾਪਤ ਕਰਨ ਤੋਂ ਬਾਅਦ ਪ੍ਰਸਿੱਧ ਸਿੱਖਿਆ ਸ਼ਾਸਤਰੀ ਬਣ ਕੇ ਵਾਪਸ ਦੇਸ਼ ਪਰਤ ਕੇ ਖ਼ਾਲਸਾ ਕਾਲਜ, ਅੰਮ੍ਰਿਤਸਰ ਦੇ ਪ੍ਰਿੰਸੀਪਲ ਵਜੋਂ ਅਹੁਦਾ ਸੰਭਾਲਿਆ। ਉਹ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਬਾਨੀ ਵਾਈਸ ਚਾਂਸਲਰ ਵੀ ਰਹੇ ਹਨ। ਸੰਧੂ ਦੀ ਮਾਤਾ ਜਗਜੀਤ ਕੌਰ ਸੰਧੂ ਨੇ 1956-58 ਵਿੱਚ ਅਮਰੀਕਾ ਤੋਂ ਡਾਕਟਰੇਟ ਕੀਤੀ ਅਤੇ ਅੰਮ੍ਰਿਤਸਰ ਵਿੱਚ ਸਰਕਾਰੀ ਕਾਲਜ ਫ਼ਾਰ ਵੂਮੈਨ ਵਿਖੇ ਸ਼ੇਵਾ ਕਰਦਿਆਂ ਪ੍ਰਿੰਸੀਪਲ ਵਜੋਂ ਸੇਵਾਮੁਕਤ ਹੋਏ।

ਸੰਯੁਕਤ ਰਾਜ ਅਮਰੀਕਾ ਵਿੱਚ ਭਾਰਤ ਦਾ ਰਾਜਦੂਤ ਬਣ ਕੇ ਵਾਸ਼ਿੰਗਟਨ ਦੇ ਨਾਲ ਨਵੀਂ ਦਿੱਲੀ ਦੇ ਸਬੰਧਾਂ ਨੂੰ ਗਹਿਰਾ ਕਰਨ ਵਿੱਚ ਮੁੱਖ ਭੂਮਿਕਾ ਨਿਭਾ ਚੁੱਕੇ ਤਰਨਜੀਤ ਸਿੰਘ ਸੰਧੂ ਵਿਚ ਹਲੀਮੀ, ਸਮਾਜ, ਦੇਸ਼ ਤੇ ਕੌਮ ਦੀ ਸ਼ੇਵਾ ਅਤੇ ਵੱਖ-ਵੱਖ ਕੂਟਨੀਤਕ ਪਹਿਲਕਦਮੀਆਂ ਦੇ ਪਰਿਵਾਰਕ ਵਿਰਾਸਤ ਗੁਣਾਂ ਦੇ ਰੂਪ ਵਿੱਚ ਸਾਹਮਣੇ ਆਉਂਦੇ ਨਜ਼ਰ ਆ ਰਹੇ ਹਨ। 36 ਸਾਲਾਂ ਦੇ ਵਿਲੱਖਣ ਕੂਟਨੀਤਕ ਕੈਰੀਅਰ ਨਾਲ ਉਹ ਅਮਰੀਕਾ ਦੇ ਮਾਮਲਿਆਂ ਬਾਰੇ ਸਭ ਤੋਂ ਤਜਰਬੇਕਾਰ ਭਾਰਤੀ ਡਿਪਲੋਮੈਟ ਵਿੱਚੋਂ ਇੱਕ ਹਨ ਅਤੇ ਦੋਵਾਂ ਦੇਸ਼ਾਂ ਵਿਚਕਾਰ ਗਿਆਨ ਅਤੇ ਸਿੱਖਿਆ ਦੀ ਭਾਈਵਾਲੀ ਨੂੰ ਡੂੰਘਾ ਕਰਨ ਦੀ ਵਚਨਬੱਧਤਾ ਬਣਾਈ ਰੱਖੀ।

ਤਰਨਜੀਤ ਸਿੰਘ ਸੰਧੂ ਦਾ ਇਸ ਵਕਤ ਸਾਰਾ ਧਿਆਨ ਗੁਰੂ ਨਗਰੀ ਅੰਮ੍ਰਿਤਸਰ ਦੀ ਆਰਥਿਕਤਾ, ਉਦਯੋਗ, ਟੈਕਸਟਾਈਲ, ਹੁਨਰ ਵਿਕਾਸ, ਸੈਰ-ਸਪਾਟਾ, ਸਿਹਤ ਸੰਭਾਲ, ਉਦਯੋਗਾਂ, ਸਭਿਆਚਾਰਕ ਅਤੇ ਹੋਸਪਿਟੈਲਿਟੀ ਸੈਕਟਰ ਲਈ ਸ਼ਾਨਦਾਰ ਭਵਿੱਖ ਤਰਾਸ਼ ਰਿਹਾ ਹੈ। ਲਗਾ ਹੋਇਆ ਹੈ।

ਉਹ ਖੇਤੀ ਉਤਪਾਦਾਂ ਨੂੰ ਵਿਦੇਸ਼ਾਂ ਖ਼ਾਸਕਰ ਅਮਰੀਕਾ ਵਿਚ ਵਿੱਕਰੀ ਲਈ ਭੇਜ ਕੇ ਕਿਸਾਨੀ ਨੂੰ ਆਰਥਿਕ ਲਾਭ ਦੇਣ ਪ੍ਰਤੀ ਪ੍ਰਾਜੈਕਟ ’ਤੇ ਕੰਮ ਕਰ ਰਿਹਾ ਹੈ। ਬਚੀਆਂ ’ਚ ਸਿੱਖਿਆ, ਢੁਕਵੇਂ , ਹੁਨਰ ਵਿਕਾਸ, ਹੈਲਥ ਕੇਅਰ , ਆਈ.ਟੀ., ਡਿਜੀਟਲ, ਸਟਾਰਟ ਅੱਪਸ, ਨਵੀਂ ਉੱਭਰਦੀਆਂ ਤਕਨੀਕਾਂ ਜਿਵੇਂ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ, ਕੁਆਂਟਮ ਅਤੇ ਉੱਭਰ ਰਹੇ ਅੰਤਰਰਾਸ਼ਟਰੀ ਆਰਥਿਕ ਕ੍ਰਮ ਵਿੱਚ ਸਾਈਬਰ ਸੁਰੱਖਿਆ ਵਿੱਚ ਉਪਲਬਧ ਮੌਕਿਆਂ ਲਈ. ਉਹਨਾਂ ਨੂੰ ਪ੍ਰੇਰਿਤ ਕਰ ਰਿਹਾ ਹੈ। ਸਰਦਾਰ ਸੰਧੂ ਦੇ ਉੱਦਮ ਸਦਕਾ ਅਮਰੀਕਾ ਦੇ ਕਾਰੋਬਾਰੀ ਦਰਸ਼ਨ ਸਿੰਘ ਧਾਲੀਵਾਲ ਵੱਲੋਂ 100 ਵਜ਼ੀਫ਼ੇ ਅਤੇ ਹੈਲਥ ਕੇਅਰ ਸਿਸਟਮ ਦੇ 35® ਅਤੇ ਸਿੱਖ ਆਫ਼ ਅਮਰੀਕਾ ਇੱਕ ਦੇ ਚੇਅਰਮੈਨ ਨੇ ਅੰਮ੍ਰਿਤਸਰ ਦੇ ਨੌਜਵਾਨਾਂ ਲਈ 100 ਅਤੇ 50 ਔਰਤਾਂ ਲਈ ਵਜ਼ੀਫ਼ੇ ਸਮੇਤ, 100 ਇੰਟਰਨਸ਼ਿਪਾਂ, ਅਤੇ ਸਿਹਤ ਸੰਭਾਲ ਕਰਮਚਾਰੀਆਂ ਨੂੰ ਨੌਕਰੀ ਦੇ ਮੌਕਿਆਂ ਦੇ ਨਾਲ ਸਿਖਲਾਈ, ਅਤੇ ਦੋ ਸਥਾਨਕ ਸੜਕਾਂ ਦੇ ਰੱਖ-ਰਖਾਅ ਨੂੰ ਅਪਣਾਉਣ ਵਰਗੀਆਂ ਯੋਜਨਾਵਾਂ ਦਾ ਐਲਾਨ ਕੀਤਾ ਹੈ।

### ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਿਜਨਲ ਕੈਂਪ ਗੁਰਦਾਸਪੁਰ ਵਿਖੇ

# ਸਵੀਪ ਤਹਿਤ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ




**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 19 ਮਾਰਚ (ਕੁਲਜੀਤ ਸਿੰਘ ਖੋਖਰ)**- ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਇਸ ਵਾਰ ਨੌਜਵਾਨਾਂ ਵਿੱਚ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਕਾਫ਼ੀ ਉਤਸ਼ਾਹ ਦੇਖਿਆ ਜਾ ਰਿਹਾ ਹੈ। ਨੌਜਵਾਨਾਂ ਵੱਲੋਂ ਜਿੱਥੇ ਖ਼ੁਦ ਆਪਣੀ ਵੋਟ ਪਾਉਣ ਦਾ ਅਹਿਦ ਲਿਆ ਜਾ ਰਿਹਾ ਹੈ ਓਥੇ ਉਹ ਆਪਣੇ ਪਰਿਵਾਰਿਕ ਮੈਂਬਰਾਂ ਅਤੇ ਹੋਰ ਜਾਣਕਾਰਾਂ ਨੂੰ ਵੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਲਈ ਪ੍ਰੇਰਿਤ ਕਰ ਰਹੇ ਹਨ।

ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਗੁਰਦਾਸਪੁਰ ਡਾ. ਹਿਮਾਂਸ਼ੂ ਅਗਰਵਾਲ ਦੀ ਅਗਵਾਈ ਹੇਠ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਸਵੀਪ ਗਤੀਵਿਧੀਆਂ ਰਾਹੀਂ ਨੌਜਵਾਨਾਂ ਸਮੇਤ ਹਰ ਵਰਗ ਦੇ ਵੋਟਰਾਂ ਨੂੰ ਵੋਟ ਪਾਉਣ ਲਈ ਜਾਗਰੂਕ ਕੀਤਾ ਜਾ ਰਿਹਾ ਹੈ ਅਤੇ ਜ਼ਿਲ੍ਹੇ ਦੀਆਂ ਵੱਖ-ਵੱਖ ਸਿੱਖਿਆ ਸੰਸਥਾਵਾਂ ਵਿੱਚ ਸਵੀਪ ਦੀਆਂ ਗਤੀਵਿਧੀਆਂ ਚੱਲ ਰਹੀਆਂ ਹਨ। ਸਵੀਪ ਗਤੀਵਿਧੀਆਂ ਤਹਿਤ ਗੁਰੂ ਨਾਨਕ ਦੇਵ ਯੂਨੀਵਰਸਿਟੀ ਦੇ ਰਿਜਨਲ ਕੈਂਪ ਗੁਰਦਾਸਪੁਰ ਵਿਖੇ ਵਿਸ਼ੇਸ਼ ਪ੍ਰੋਗਰਾਮ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਅਤੇ ਵਿਦਿਆਰਥਣਾਂ ਵੱਲੋਂ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰਨ ਦਾ ਪ੍ਰਣ ਲਿਆ ਗਿਆ। ਇਸਦੇ ਨਾਲ ਵੋਟਰ ਜਾਗਰੂਕਤਾ ਤਹਿਤ ਲੜਕੀਆਂ ਦੇ ਮਹਿੰਦੀ ਮੁਕਾਬਲੇ ਅਤੇ ਪੋਸਟਰ ਮੇਕਿੰਗ ਮੁਕਾਬਲੇ ਵੀ ਕਰਵਾਏ ਗਏ। ਇਨ੍ਹਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੇ ਸਮੂਹ ਵੋਟਰਾਂ ਨੂੰ 'ਇਸ ਵਾਰ 70 ਪਾਰ' ਦਾ ਸੁਨੇਹਾ ਦਿੰਦਿਆਂ ਅਪੀਲ ਕੀਤੀ ਆਓ ਸਾਰੇ ਮਿਲ ਕੇ ਆਪਣੀ ਵੋਟ ਦੇ ਹੱਕ ਦਾ ਇਸਤੇਮਾਲ ਕਰੀਏ ਅਤੇ ਆਪਣੇ ਦੇਸ਼ ਦੇ ਲੋਕਤੰਤਰ ਦੀ ਮਜ਼ਬੂਤ ਵਿੱਚ ਆਪਣਾ ਯੋਗਦਾਨ ਪਾਈਏ।

**ਵਿਦਿਆਰਥਣਾਂ ਦੇ ਮਹਿੰਦੀ ਅਤੇ ਪੋਸਟਰ ਮੇਕਿੰਗ ਦੇ ਮੁਕਾਬਲੇ ਹੋਏ**

### ਤਪ ਅਸਥਾਨ ਸ਼੍ਰੀ ਖੁਰਾਲਗੜ੍ਹ ਸਾਹਿਬ ਵਿਖੇ ਸਮਾਜ ਮਿਲਵਰਤਨ ਸੁਸਾਇਟੀ ਨੂੰ ਵਿਸ਼ੇਸ਼ ਤੌਰ 'ਤੇ ਕੀਤਾ ਸਨਮਾਨਿਤ

# ਸਮਾਜ ਮਿਲਵਰਤਨ ਸੁਸਾਇਟੀ ਜਗਰਾਉਂ ਨੇ ਸੰਗਤਾਂ ਨੂੰ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਦਰਸ਼ਨ ਕਰਵਾਏ






ਸ਼੍ਰੀ ਖੁਰਾਲਗੜ੍ਹ ਸਾਹਿਬ, (ਵਰਿਆਮ ਹਠੂਰ)- ਸਮਾਜ ਮਿਲਵਰਤਨ ਸੁਸਾਇਟੀ ਜਗਰਾਉਂ ਵੱਲੋਂ ਮਹਾਨ ਰਹਿਬਰਾਂ ਦੀ ਯਾਦ 'ਚ ਜਗਰਾਉਂ ਇਲਾਕੇ ਦੇ ਸਮੂਹ ਪਿੰਡਾਂ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਤਹਿਸੀਲ ਪੱਧਰ 'ਤੇ ਨਿਰੋਲ ਧਾਰਮਿਕ ਸਮਾਗਮ ਕਰਵਾਉਣ ਦੀ ਸ਼ੁਰੂਆਤ ਕਰਨ ਤੋਂ ਬਾਅਦ, ਗੁਰਸੰਗਤਾਂ ਨੂੰ ਪ੍ਰਸਿੱਧ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਅਤੇ ਮਹਾਨ ਧਾਰਮਿਕ ਇਤਿਹਾਸ ਨਾਲ ਜੋੜਨ ਦਾ ਉਪਰਾਲਾ ਵੀ ਕੀਤਾ ਜਾ ਰਿਹਾ ਹੈ। ਜਿਸ ਤਹਿਤ ਕਸਬਾ ਹਠੂਰ ਦੇ ਪਿੰਡਾਂ ਅਤੇ ਜਗਰਾਉਂ ਇਲਾਕੇ ਦੀਆਂ ਸੰਗਤਾਂ ਨੂੰ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੇ ਤਪ ਅਸਥਾਨ ਸ੍ਰੀ ਖੁਰਾਲਗੜ੍ਹ ਸਾਹਿਬ ਦੇ ਦਰਸ਼ਨ ਕਰਵਾਏ ਗਏ। ਸੰਗਤਾਂ ਨੇ ਸ੍ਰੀ ਖੁਰਾਲਗੜ੍ਹ ਸਾਹਿਬ ਵਿਖੇ 1515 ਈ. ਵਿਚ ਸੁਸ਼ੋਭਿਤ ਪੁਰਾਤਨ ਗੁਰਦੁਆਰਾ ਸਾਹਿਬ ਅਤੇ ਨਵੇਂ ਗੁਰਦੁਆਰਾ ਸਾਹਿਬ ਦੀ ਤਿਆਰ ਹੋ ਰਹੀ ਸ਼ਾਨਦਾਰ ਇਮਾਰਤ ਦੇ ਦਰਸ਼ਨ ਕਰਨ ਉਪਰੰਤ ਸ੍ਰੀ ਗੁਰੂ ਰਵਿਦਾਸ ਮਹਾਰਾਜ ਜੀ ਦੀ ਯਾਦ 'ਚ ਤਿਆਰ ਹੋ ਰਹੇ ਅਜੂਬੇ 'ਮੀਨਾਰ-ਏ-ਬੇਗਮਪੁਰਾ' ਦੇ ਵੀ ਦਰਸ਼ਨ ਕੀਤੇ। ਗੁਰਸੰਗਤਾਂ ਨੇ ਸਮਾਜ ਮਿਲਵਰਤਨ ਸੁਸਾਇਟੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਪਵਿੱਤਰ ਧਾਰਮਿਕ ਸਥਾਨ ਦੇ ਦਰਸ਼ਨ ਕਰਕੇ ਅਤੇ ਕਥਾ ਕੀਰਤਨ ਸਰਵਣ ਕਰਕੇ ਦਿਲ ਨੂੰ ਸਕੂਨ ਮਿਲਿਆ ਹੈ। ਇਸ ਮੌਕੇ ਤਪ ਅਸਥਾਨ ਸ੍ਰੀ ਖੁਰਾੜਗੜ ਸਾਹਿਬ ਦੇ ਮੁੱਖ ਸੇਵਾਦਾਰ ਸੰਤ ਬਾਬਾ ਕੇਵਲ ਸਿੰਘ ਵੱਲੋਂ ਸਮਾਜ ਮਿਲਵਰਤਨ ਸੁਸਾਇਟੀ ਦੇ ਆਗੂਆਂ ਮਹਿੰਗਾ ਸਿੰਘ ਮੀਰਪੁਰ ਹਾਂਸ, ਰਛਪਾਲ ਸਿੰਘ ਚੀਮਨਾ, ਪ੍ਰੇਮ ਸਿੰਘ ਲੋਹਟ, ਸੰਤ ਰਾਮ ਸਿੰਘ, ਸਰਬਜੀਤ ਸਿੰਘ ਦੇਹੜਕਾ, ਦੀਪ ਛੱਜਾਵਾਲ, ਹੈਪੀ ਲੋਹਟ, ਹਰਪ੍ਰੀਤ ਮਲਕ, ਹਰਪ੍ਰੀਤ ਮੱਲ੍ਹਾ, ਸਰਪੰਚ ਦਰਸ਼ਨ ਸਿੰਘ ਪੋਨਾ, ਅਸ਼ੋਕ ਜਗਰਾਉਂ, ਮਹਿੰਦਰ ਸਿੰਘ ਪਵਨਦੀਪ ਸਿੰਘ ਭੱਟੀ, ਅਤੇ ਕੈਪਟਨ ਗੁਲਜ਼ਾਰ ਸਿੰਘ ਆਦਿ ਨੂੰ ਜੈਕਾਰਿਆਂ ਦੀ ਗੂੰਜ ਵਿੱਚ ਸਿਰੋਪਾਉ ਦੇ ਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਵੀ ਕੀਤਾ ਗਿਆ। ਗੱਲਬਾਤ ਕਰਦਿਆਂ ਸਮਾਜ ਮਿਲਵਰਤਨ ਸੁਸਾਇਟੀ ਦੇ ਸਮੂਹ ਆਗੂਆਂ ਨੇ ਕਿਹਾ ਕਿ ਜਿਸ ਤਰ੍ਹਾਂ ਸਤਿਗੁਰਾਂ ਦੀ ਕਿਰਪਾ ਸਦਕਾ ਬੀਤੇ ਦਿਨੀਂ ਜਗਰਾਉਂ ਦੀ ਦਾਣਾ ਮੰਡੀ ਵਿੱਚ ਵੱਡੀ ਪੱਧਰ ਤੇ ਸਮਾਗਮ ਕਰਵਾਇਆ ਤੇ ਹੁਣ ਗੁਰਸੰਗਤਾਂ ਨੂੰ ਤਪ ਅਸਥਾਨ ਸ਼੍ਰੀ ਖੁਰਾਲਗੜ੍ਹ ਸਾਹਿਬ ਦੇ ਦਰਸ਼ਨ ਦੀਦਾਰੇ ਕਰਵਾਉਣ ਲਈ ਉਪਰਾਲੇ ਕੀਤੇ ਹਨ। ਮਹਾਨ ਗੁਰਮਤਿ ਸਮਾਗਮ ਅਤੇ ਅਜਿਹੇ ਉਪਰਾਲੇ ਸਮੇਂ ਸਮੇਂ ਨਾਲ ਸਮਾਜ ਮਿਲਵਰਤਨ ਸੁਸਾਇਟੀ ਵੱਲੋਂ ਕੀਤੇ ਜਾਣਗੇ, ਅੰਤ ਵਿੱਚ ਉਨ੍ਹਾਂ ਤਪ ਅਸਥਾਨ ਖੁਰਾਲਗੜ੍ਹ ਸਾਹਿਬ ਦੇ ਮੁੱਖ ਸੇਵਾਦਾਰ ਭਾਈ ਕੇਵਲ ਸਿੰਘ ਜੀ ਦਾ ਦਿਲ ਦੀਆਂ ਗਹਿਰਾਈਆਂ ਤੋਂ ਧੰਨਵਾਦ ਕੀਤਾ।

# ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਚੋਣ/ਪੋਲਿੰਗ ਡਿਊਟੀ ਨੂੰ ਕੱਟਿਆ ਨਹੀਂ ਜਾਵੇਗਾ - ਜ਼ਿਲ੍ਹਾ ਚੋਣ ਅਧਿਕਾਰੀ



**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 19 ਮਾਰਚ (ਕੁਲਜੀਤ ਸਿੰਘ ਖੋਖਰ)**- ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਕਿਹਾ ਹੈ ਕਿ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਜਿਹੜੇ ਵੀ ਅਧਿਕਾਰੀਆਂ ਅਤੇ ਕਰਮਚਾਰੀਆਂ ਦੀ ਚੋਣ ਡਿਊਟੀ ਲਗਾਈ ਗਈ ਹੈ ਜਾਂ ਭਵਿੱਖ ਵਿੱਚ ਲਗਾਈ ਜਾਵੇਗੀ ਉਸ ਡਿਊਟੀ ਨੂੰ ਕੱਟਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਕੇਵਲ ਅਜਿਹੇ ਅਧਿਕਾਰੀ, ਕਰਮਚਾਰੀ ਜੋ ਕੁਝ ਕਾਰਨਾਂ (ਬਿਮਾਰੀ, ਗਰਭਵਤੀ, ਪ੍ਰਸੂਤਾ ਛੁੱਟੀ, ਮੈਡੀਕਲ ਛੁੱਟੀ ਜਾਂ ਨਾ-ਟਾਲਣਯੋਗ ਜ਼ਰੂਰੀ ਕੰਮ ਆਦਿ ਕਰਕੇ ਚੋਣ/ਪੋਲਿੰਗ ਡਿਊਟੀ ਕਰਨ ਤੋਂ ਅਸਮਰਥ ਹਨ, ਉਨ੍ਹਾਂ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਚੋਣ/ਪੋਲਿੰਗ ਡਿਊਟੀ ਤੋਂ ਛੋਟ ਦੇਣ ਲਈ ਜ਼ਿਲ੍ਹਾ ਪੱਧਰ 'ਤੇ ਵਧੀਕ ਡਿਪਟੀ ਕਮਿਸ਼ਨਰ (ਜ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ, ਗੁਰਦਾਸਪੁਰ, ਸਿਵਲ ਸਰਜਨ, ਗੁਰਦਾਸਪੁਰ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈ.ਸਿੱ) ਗੁਰਦਾਸਪੁਰ ਦੀ ਤਿੰਨ ਮੈਂਬਰੀ ਕਮੇਟੀ ਗਠਿਤ ਕੀਤੀ ਗਈ ਹੈ। ਉਨ੍ਹਾਂ ਦੱਸਿਆ ਕਿ ਇਸ ਕਮੇਟੀ ਦੇ ਅਧਿਕਾਰੀਆਂ ਵੱਲੋਂ ਚੋਣ/ਪੋਲਿੰਗ ਡਿਊਟੀ ਤੋਂ ਛੋਟ ਦੇਣ ਸਬੰਧੀ ਦਸਤਾਵੇਜ਼ ਆਦਿ ਵੇਖਕੇ ਜੋ ਫ਼ੈਸਲਾ ਲਿਆ ਜਾਵੇਗਾ ਉਸ ਅਨੁਸਾਰ ਹੀ ਸਬੰਧਿਤ ਅਧਿਕਾਰੀ/ਕਰਮਚਾਰੀ ਨੂੰ ਚੋਣ/ਪੋਲਿੰਗ ਡਿਊਟੀ ਤੋਂ ਛੋਟ ਦਿੱਤੀ ਜਾ ਸਕਦੀ ਹੈ। ਇਸਦੇ ਨਾਲ ਹੀ ਜੋ ਅਧਿਕਾਰੀ/ਕਰਮਚਾਰੀ ਇਹਨਾਂ ਕਾਰਨਾਂ ਤੋਂ ਇਲਾਵਾ ਛੁੱਟੀ ਅਪਲਾਈ ਕਰਦੇ ਹਨ, ਉਨ੍ਹਾਂ ਦੇ ਖ਼ਿਲਾਫ਼ ਸਖ਼ਤ ਵਿਭਾਗੀ ਕਾਰਵਾਈ ਕੀਤੀ ਜਾਵੇਗੀ।

**ਲੋਕ ਸਭਾ ਚੋਣਾਂ-2024 ਲਈ ਜ਼ਿਲ੍ਹਾ ਪੱਧਰ 'ਤੇ ਆਫ਼ਲਾਈਨ ਸ਼ਿਕਾਇਤ ਸੈੱਲ ਸਥਾਪਿਤ ਕੀਤਾ**- ਜ਼ਿਲ੍ਹਾ ਗੁਰਦਾਸਪੁਰ ਦੇ ਵਿੱਚ ਆਦਰਸ਼ ਚੋਣ ਜ਼ਾਬਤੇ ਦੇ ਲਾਗੂ ਹੋਣ ਤੋਂ ਬਾਅਦ ਜ਼ਿਲ੍ਹਾ ਚੋਣ ਦਫ਼ਤਰ ਪੂਰੀ ਤਰ੍ਹਾਂ ਮੁਸਤੈਦ ਅਤੇ ਹਰਕਤ ਵਿੱਚ ਆ ਗਿਆ ਹੈ। ਲੋਕ ਸਭਾ ਚੋਣਾਂ-2024 ਨੂੰ ਨਿਰਪੱਖ, ਨਿਰਵਿਘਨ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹਨ ਦੇ ਲਈ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਆਮ ਨਾਗਰਿਕਾਂ ਲਈ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਗੁਰਦਾਸਪੁਰ ਦੇ ਬੀ ਬਲਾਕ ਵਿੱਚ ਆਫ਼ਲਾਈਨ ਸ਼ਿਕਾਇਤ ਸੈੱਲ ਸਥਾਪਿਤ ਕੀਤਾ ਗਿਆ ਹੈ। ਇਸ ਬਾਰੇ ਵਧੇਰੇ ਜਾਣਕਾਰੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਨੇ ਦੱਸਿਆ ਕਿ ਆਦਰਸ਼ ਚੋਣ ਜ਼ਾਬਤਾ ਲਾਗੂ ਹੋ ਚੁੱਕਿਆ ਹੈ ਅਤੇ ਹਰ ਇੱਕ ਨਾਗਰਿਕ ਨੂੰ ਆਪਣੀ ਅਹਿਮ ਜ਼ਿੰਮੇਵਾਰੀ ਸਮਝਦਿਆਂ ਹੋਇਆ ਇਸ ਦੀ ਪਾਲਣਾ ਕਰਨਾ ਲਾਜ਼ਮੀ ਹੈ। ਉਨ੍ਹਾਂ ਕਿਹਾ ਕਿ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਿਲ੍ਹਾ ਚੋਣ ਦਫ਼ਤਰ ਵੱਲੋਂ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਬੀ-ਬਲਾਕ ਵਿਖੇ ਆਫ਼ਲਾਈਨ ਸ਼ਿਕਾਇਤ ਸੈੱਲ ਸਥਾਪਿਤ ਕੀਤਾ ਗਿਆ।

ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਜ਼ਿਲ੍ਹਾ ਪੱਧਰੀ ਆਫ਼-ਲਾਈਨ ਸ਼ਿਕਾਇਤ ਸੈੱਲ ਦਾ ਨੋਡਲ ਅਫ਼ਸਰ ਜ਼ਿਲ੍ਹਾ ਮਾਲ ਅਫ਼ਸਰ ਸ੍ਰੀ ਜਸਕਰਨਜੀਤ ਸਿੰਘ ਨੂੰ ਲਗਾਇਆ ਗਿਆ ਹੈ, ਜਦਕਿ ਡਾ. ਸ਼ਾਮ ਸਿੰਘ, ਡਿਪਟੀ ਡਾਇਰੈਕਟਰ, ਪਸ਼ੂ ਪਾਲਣ ਵਿਭਾਗ ਨੂੰ ਇਸ ਸੈੱਲ ਦਾ ਸਹਾਇਕ ਨੋਡਲ ਅਫ਼ਸਰ ਲਗਾਇਆ ਗਿਆ ਹੈ।

ਉਨ੍ਹਾਂ ਕਿਹਾ ਕਿ ਕੋਈ ਵੀ ਵਿਅਕਤੀ ਆਦਰਸ਼ ਚੋਣ ਜ਼ਾਬਤੇ ਦੇ ਨਿਯਮਾਂ ਦੀ ਉਲੰਘਣਾ ਸਬੰਧੀ ਆਪਣੀ ਆਫ਼-ਲਾਈਨ ਸ਼ਿਕਾਇਤ ਇਸ ਸੈੱਲ ਵਿੱਚ ਕਰ ਸਕਦਾ ਹੈ। ਉਨ੍ਹਾਂ ਕਿਹਾ ਕਿ ਇਸ ਸੈੱਲ ਨੂੰ ਈਮੇਲ complaintcellgsplsB@BD'gmail.com ਰਾਹੀਂ ਵੀ ਆਪਣੀ ਸ਼ਿਕਾਇਤ ਭੇਜੀ ਜਾ ਸਕਦੀ ਹੈ।

# ਸ਼ਰਾਬ ਦੇ ਠੇਕਿਆਂ ਦੇ ਲਾਇਸੰਸ ਲਾਟਰੀ ਸਿਸਟਮ ਰਾਹੀਂ 22 ਮਾਰਚ ਨੂੰ ਗੁਰਦਾਸਪੁਰ ਵਿਖੇ ਕੱਢੇ ਜਾਣਗੇ

**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 19 ਮਾਰਚ (ਕੁਲਜੀਤ ਸਿੰਘ ਖੋਖਰ)**- ਸ੍ਰੀ ਹਨਵੰਤ ਸ਼ਰਮਾ, ਸਹਾਇਕ ਕਮਿਸ਼ਨਰ (ਆਬਕਾਰੀ) ਗੁਰਦਾਸਪੁਰ-ਰੇਂਜ ਨੇ ਦੱਸਿਆ ਹੈ ਕਿ ਵਿੱਤੀ ਸਾਲ 2024-25 ਦੀ ਪ੍ਰਵਾਨ ਕੀਤੀ ਆਬਕਾਰੀ ਨੀਤੀ ਅਨੁਸਾਰ 22 ਮਾਰਚ 2024 ਨੂੰ ਗੁਰਦਾਸਪੁਰ ਵਿਖੇ ਲਾਟਰੀ ਸਿਸਟਮ ਰਾਹੀਂ ਸ਼ਰਾਬ ਦੇ ਠੇਕਿਆਂ ਦੀ ਨਿਲਾਮੀ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਸ਼ਰਾਬ ਦੇ ਠੇਕਿਆਂ ਦੇ ਲਸੰਸ ਅਰਜ਼ੀਆਂ ਲੈ ਕੇ ਦਿੱਤੇ ਜਾਣੇ ਹਨ, ਜੇਕਰ ਕਿਸੇ ਠੇਕੇ ਲਈ ਇੱਕ ਤੋਂ ਵੱਧ ਅਰਜ਼ੀਆਂ ਪ੍ਰਾਪਤ ਹੁੰਦੀਆਂ ਹਨ ਤਾਂ ਉਸ ਠੇਕੇ ਲਈ ਲਸੰਸ ਲਾਟਰੀ ਸਿਸਟਮ ਰਾਹੀਂ ਦਿੱਤਾ ਜਾਵੇਗਾ, ਜੋ ਕਿ ਇੱਕ ਪਾਰਦਰਸ਼ੀ ਤਰੀਕੇ ਨਾਲ ਬਿਨੈਕਾਰ, ਮੀਡੀਆ, ਆਮ ਜਨਤਾ ਅਤੇ ਸਰਕਾਰੀ ਅਬਜ਼ਰਵਰ ਦੀ ਹਾਜ਼ਰੀ ਵਿੱਚ ਹੋਵੇਗਾ। ਸਹਾਇਕ ਕਮਿਸ਼ਨਰ (ਆਬਕਾਰੀ) ਨੇ ਦੱਸਿਆ ਕਿ ਸਾਲ 2024-25 ਲਈ ਗੁਰਦਾਸਪੁਰ ਰੇਂਜ (ਆਬਕਾਰੀ ਜ਼ਿਲ੍ਹਾ ਗੁਰਦਾਸਪੁਰ, ਬਟਾਲਾ ਅਤੇ ਪਠਾਨਕੋਟ) ਦਾ ਲਾਟਰੀ ਲਈ ਡਰਾਅ ਮਿਤੀ 22 ਮਾਰਚ 2024 (ਦਿਨ ਸ਼ੁੱਕਰਵਾਰ) ਨੂੰ ਸਨਸਿਟੀ ਗਾਰਡਨ, ਬਟਾਲਾ ਰੋਡ, ਗੁਰਦਾਸਪੁਰ ਵਿਖੇ ਸਵੇਰੇ 10.00 ਵਜੇ ਕੱਢੇ ਜਾਣਗੇ।

# ਕਦੇ ਵੀ ਆਪਣੀ ਵੋਟ ਬਿਨਾਂ ਲਾਲਚ ਬਹਿਕਾਵੇ, ਦੋਸਤੀ ਨਸ਼ਾ ਦੇ ਲਾਲਚ ਵਿੱਚ ਨਾ ਦਿੱਤੀ ਜਾਵੇ : ਨਿਰਮਲਜੀਤ ਕੌਰ ਚੇਅਰਪਰਸਨ

**ਪਠਾਨਕੋਟ, 19 ਮਾਰਚ (ਆਵਾਜ਼ਿ ਕੌਮ ਬਿਊਰੋ)**-ਸੁਜਾਨਪੁਰ ਦਿਹਾਤੀ, ਸਰਦਾਰ ਪਟੇਲ ਮੋਮੋਰੀਅਲ ਸਕੂਲ ਦਿਹਾਤੀ ਸੁਜਾਨਪੁਰ ਜਿਲ੍ਹਾ ਪਠਾਨਕੋਟ ਵਿਖ਼ੇ , ਨਹਿਰੂ ਯੂਵਾ ਸੰਗਠਨ ਭਾਰਤ ਸਰਕਾਰ ਅਤੇ ਭਾਰਤੀਯ ਚੋਣ ਕਮਿਸ਼ਨ ਤੇ ਨਹਿਰੂ ਯੂਵਾ ਕੇਂਦਰ ਗੁਰਦਾਸਪੁਰ ਦੀ ਜਿਲ੍ਹਾ ਯੂਥ ਅਫ਼ਸਰ ਅਫ਼ਸਰ ਸੰਦੀਪ ਕੌਰ ਜੀ ਦੇ ਨਿਰਦੇਸ਼ਾਂ ਹੇਠ ਤੇ ਪਬਲਿਕ ਵਿਕਾਸ ਕੌਂਸਲ ਐਨ, ਜੀ, ਓ, ਦੀ ਚੇਅਰਪ੍ਰਸਨ ਨਿਰਮਲਜੀਤ ਕੌਰ ਦੀ ਅਗਵਾਈ ਹੇਠ ਵੋਟਰ ਗਾਇਡ ਅਵੇਅਰਨੇਸ ਵੋਟਰ ਸਿੱਖਿਆ ਤੇਜਾਗੁਰਤਾ ਤੇ ਵੋਟਰਾਂ ਦੀ ਭਾਗੀਦਾਰੀ ਪ੍ਰੋਗਰਾਮ ਜਾਗੁਰਤਾ ਅਭਿਆਨ ਤਹਿਤ ਹਲਕਾ, ਸੁਜਾਨਪੁਰ, ਪਠਾਨਕੋਟ, ਭੋਆ, ਅਤੇ ਲੋਕ ਸਭਾ ਹਲਕਾ ਗੁਰਦਾਸਪੁਰ /ਪਠਾਨਕੋਟ ਜਿਲ੍ਹਾ ਦੇ ਵੋਟਰਾਂ ਨੂੰ ਪਬਲਿਕ ਵਿਕਾਸ ਕੌਂਸਲ ਵੱਲੋ ਪਿੰਡ ਵਿਖ਼ੇ ਪਾਪਲੇਟ ਵੋਟਰ ਗਾਇਡ ਵੱਲੋ ਭਾਰਤ ਦੇ ਚੋਣ ਕਮਿਸ਼ਨ ਅਤੇ ਜਿਲ੍ਹਾ ਡਿਪਟੀ ਕਮਿਸ਼ਨਰ ਸਾਹਿਬ ਜੀ ਦੇ ਦਿਸ਼ਾ ਨਿਰਦੇਸ਼ਾਂ ਹੇਠ ਜਾਗੁਰਤਾ ਅਭਿਆਨ ਤਹਿਤ ਵੱਖ ਵੱਖ ਸੈਮੀਨਾਰ ਲੱਗਾ ਕੇ ਸੰਸਥਾ ਵੱਲੋ ਆਮ ਲੋਕਾਂ ਤੇ ਯੂਵਾ ਪੀੜੀ ਨੂੰ ਜਾਗੂਰਕ ਕੀਤਾ ਗਿਆਂ ਸੰਸਥਾ ਦੀ ਚੇਅਰਪ੍ਰਸਨ ਨਿਰਮਲਜੀਤ ਨੇ ਆਪਣੇ ਮੁੱਖਾਬਿੰਦ ਚੋਂ ਬੋਲਦਿਆਂ ਕਿਹਾ ਵੋਟ ਇੱਕ ਤਾਕਤ ਹੈ ਜੋ ਤੁਹਾਡੇ ਵੋਟ ਦੇ ਅਧਿਕਾਰ ਨੂੰ ਇੱਕ ਪਰਚੀ ਨਾ ਸੱਮਝ ਕੇ ਤੁਹਾਡੀ ਵਿਵਸਥਾ ਤਰੱਕੀ ਸਮਾਨਤਾ ਮਨੁੱਖੀ ਹੱਕੀ ਹਕੂਕਤਾ ਸਬੰਧੀ ਜੀਵਨ ਜਿਉਣ ਦਾਂ ਅਧਿਕਾਰ ਵੋਟ ਪਰਚੀ ਚੁਣਿਆਂ ਸਰਕਾਰਾਂ ਨੂੰ ਫਰਜ ਨਿਵਾਉਣ ਲਈ ਵਿਕਸਤ ਕਰਦਿਆਂ ਹਨ ਜਿਲ੍ਹਾ ਡਿਪਟੀ ਕਮਿਸ਼ਨਰ ਅਤੇ ਜਿਲ੍ਹਾ ਪ੍ਰਸ਼ਾਸਨ ਅਤੇ ਭਾਰਤੀ ਚੋਣ ਕਮਿਸ਼ਨ ਜੀ ਦੇ ਨਿਰਦੇਸ਼ਾਂ ਹੇਠ ਪ੍ਰਸ਼ਾਸਨ ਵੱਲੋ ਵੀ ਤਿਨਾ ਵਿਧਾਨ ਸਭਾ ਹਲਕਾ ਵਿੱਚ ਤਿੰਨ ਵੋਟਰ ਜਾਗੁਰਤਾ ਗੱਡੀਆਂ ਲੱਗਾਈਆਂ ਗਈਆਂ ਹਨ ਜੋ ਸ਼ਲਾਂਘਾ ਯੋਗ ਉਪਰਾਲਾ ਹੈ ਸੈਮੀਨਾਰ ਵਿੱਚ ਪਬਲਿਕ ਨੂੰ ਵੋਟਰ ਗਾਇਡ ਲਾਈਨ ਪਾਪਲੇਟ, ਬੁਕਾਂ ਵਰੋਸ਼ਰ ਮੁਫ਼ਤ ਵੰਡੇ ਜਾ ਰਹੇ ਹਨ ਵੋਟਾਂ ਦਾਂ ਅਧਿਕਾਰ ਭਾਰਤ ਦੇ ਲੋਕਾਂ ਨੂੰ ਬਹੁਤ ਕੁਰਬਾਨੀਆਂ ਦੇ ਕੇ ਮਿਲੀਆਂ ਸੀਂ ਵੋਟਰਾਂ ਨੂੰ ਬਿਨਾਂ ਕਿਸੇ ਲਾਲਚ, ਮਿੱਤਰਾਂ ਦੋਸਤੀ ਭਾਈਵਾਲੀ ਨਸ਼ੇ ਦੇ ਲਾਲਚ ਵਿੱਚ ਵੋਟ ਨਹੀਂ ਦੇਣੀ ਚਾਹੀਦੀ, ਭਾਰਤੀ ਸਵਿਧਾਨ ਵਿੱਚ ਵਿੱਚ ਭਾਰਤ ਦੇ ਸਮੂਹ ਵੋਟਰਾਂ ਨੂੰ ਮਨ ਭਾਉਂਦੀਆਂ ਚੰਗੀਆਂ ਸਰਕਾਰਾਂ ਚੁਣਨ ਦਾਂ ਅਧਿਕਾਰ ਦਿੱਤਾ ਗਿਆਂ ਜੋ ਭਾਰਤੀ ਸਵਿਧਾਨ ਨੂੰ ਮੰਨਦੇ ਹੋਏ ਤੁਹਾਡੇ ਹੱਕਾਂ ਦੀ ਰੱਖੀ ਕਰ ਸਕਣ, ਜਨਤਾ ਨੂੰ ਬਿਨਾਂ ਕਿਸੇ ਧਰਮ ਜਾਤੀ ਪ੍ਰਥਾ, ਪਾਰਟੀ ਤੋਂ ਉਪਰ ਉੱਠ ਕੇ ਸਰਕਾਰਾਂ ਨੂੰ ਚੁਣਨ ਲਈ ਆਪਣੇ ਦਿਮਾਗ ਦੀ ਵਰਤੋਂ ਕੀਤੀ ਜਾਵੇ ਭਾਰਤ ਦੇ ਲੋਕਾਂ ਨੂੰ ਸਮਾਜਿਕ ਸਮਾਨਤਾ ਬਰਾਬਰਤਾ, ਭਾਈਵਾਲਤਾ ਤੇ ਸਰਕਾਰਾਂ ਚੁਣਨ ਲਈ ਤੁਹਾਡੇ ਮੱਤ ਦਾਂ ਬਹੁਤ ਵੱਡਾ ਯੋਗਦਾਨ ਹੈ ਵੋਟਰਾਂ ਨੂੰ ਆਪਣੀ ਆਪਣੀ ਸਹੀ ਪਾਰਖੂ ਅੱਖ ਨਾਲ ਉਮੀਦਵਾਰ ਦੀ ਚੋਣ ਕਰਨੀ ਚਾਹੀਦੀ ਹੈ ਬਿਨਾਂ ਕਿਸੇ ਲਾਲਚ, ਬਹਿਕਾਵੇ, ਮਿੱਤਰਤਾ, ਵਸਤੂ, ਨਸ਼ਾ, ਲਾਲਚ, ਮੋਹ ਵਗੈਰਾ ਵਿੱਚ ਪੈ ਕੇ ਵੋਟ ਨਹੀਂ ਦੇਣੀ ਚਾਹੀਦੀ, ਆਪਣੀ ਸੂਝਵਾਨ ਨਾਲ ਕੰਮ ਲੈ ਕੇ ਵੋਟ ਮਤਦਾਨ ਕਰਨਾ ਚਾਹੀਦਾ ਹੈ ਇਸ ਮੌਕੇ ਪਰ ਦਲਬੀਰ ਸਿੰਘ, ਕਮਲਜੀਤ ਸਿੰਘ, ਕਾਲਾ ਪ੍ਰਧਾਨ, ਡੋਡੀ, ਸੁਰਜੀਤ ਕੁਮਾਰ ਬਰਨਾਲਾ, ਪ੍ਰੇਮ ਕੁਮਾਰ, ਪਵਨ ਕੁਮਾਰ ਆਦਿ ਮੌਜੂਦ ਸਨ।

## ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਰਾਂਚ ਦਮਦਮੀ ਟਕਸਾਲ (ਮਹਿਤਾ) ਪਿੰਡ ਝੋਕ ਮੋਹੜੇ ਵਿਖੇ

# ਮਹਾਂਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ ਕਰਵਾਇਆ









**ਫ਼ਿਰੋਜ਼ਪੁਰ, 19 ਮਾਰਚ (ਮਨੋਹਰ ਲਾਲ) :—** ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਗਤ ਸਾਹਿਬ ਬਰਾਂਚ ਦਮਦਮੀ ਟਕਸਾਲ (ਮਹਿਤਾ) ਪਿੰਡ ਝੋਕ ਮੋਹੜੇ ਵਿਖੇ ਮਹਾਂ ਪੁਰਖਾਂ ਦੀ ਮਿੱਠੀ ਯਾਦ ਵਿਚ ਸਲਾਨਾ ਮਹਾਨ ਗੁਰਮਤਿ ਸਮਾਗਮ ਕਰਵਾਇਆ ਗਿਆ। ਇਹ ਸਲਾਨਾ ਮਹਾਨ ਗੁਰਮਤਿ ਸਮਾਗਮ ਮਹਾਂਪੁਰਖਾਂ ਦੀ ਮਿੱਠੀ ਯਾਦ ਜਿਨ੍ਹਾਂ ਵਿਚ ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਭਿੰਡਰਾਂ ਵਾਲੇ, ਸ੍ਰੀਮਾਨ ਸੰਤ ਬਾਬਾ ਕੁੰਦਨ ਸਿੰਘ ਜੀ ਨਾਨਕਸਰ ਵਾਲਿਆਂ, ਸ੍ਰੀਮਾਨ ਸੰਤ ਬਾਬਾ ਗੁਰਬਖਸ਼ ਸਿੰਘ ਜੀ ਜੈਲਦਾਰ ਤੋਂ ਇਲਾਵਾ ਅਨੇਕਾਂ ਮਹਾਂਪੁਰਖਾਂ ਦੀ ਯਾਦ ਵਿਚ ਮਨਾਇਆ ਗਿਆ। ਇਸ ਮੌਕੇ ਤੇ ਸਭ ਤੋਂ ਪਹਿਲਾਂ ਸ੍ਰੀ ਆਖੰਡ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਭੋਗ ਉਪਰੰਤ ਦੀਵਾਨ ਸਜਾਏ ਗਏ, ਜਿਸ ਵਿਚ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ (ਪ੍ਰਧਾਨ ਸੰਤ ਸਮਾਜ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਭਰੀ। ਇਸ ਮੌਕੇ ਤੇ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ ਪ੍ਰਧਾਨ ਸੰਤ ਸਮਾਜ ਜੀ ਨੇ ਕਥਾ ਕਰਦਿਆਂ ਆਖਿਆ ਕਿ ਅੱਜ ਅਸੀਂ ਜਿਨ੍ਹਾਂ ਮਹਾਂਪੁਰਖਾਂ ਦੀ ਯਾਦ ਮਨਾ ਰਹੇ ਹਾਂ, ਜਿਨ੍ਹਾਂ ਸਾਰੀ ਉਮਰ ਸੇਵਾ ਸਿਮਰਨ ਅਤੇ ਦਾਨ ਪੁੰਨ ਵਿਚ ਲਾ ਦਿੱਤੀ, ਜਿਨ੍ਹਾਂ ਵਿਚ ਸੰਤ ਬਾਬਾ ਠਾਕੁਰ ਸਿੰਘ ਜੀ, ਮਹਾਂਪੁਰਖਾਂ ਸੰਤ ਬਾਬਾ ਕੁੰਦਨ ਸਿੰਘ ਜੀ, ਜੈਲਦਾਰ ਗੁਰਬਖਸ਼ ਸਿੰਘ ਜੀ ਜਿਨ੍ਹਾਂ ਦੀ ਮਿੱਠੀ ਯਾਦ ਮਨਾ ਰਹੇ ਹਾਂ, ਜਿਨ੍ਹਾਂ ਨੇ ਦਾਨ ਪੁੰਨ ਸੇਵਾ ਸਿਮਰਨ ਅਤੇ ਸੰਗਤਾਂ ਨੂੰ ਗੁਰਬਾਣੀ ਨਾਲ ਜੋੜਿਆ। ਬਾਬਾ ਜੀ ਨੇ ਅੱਗੇ ਕਿਹਾ ਕਿ ਸ੍ਰੀਮਾਨ ਸੰਤ ਬਾਬਾ ਠਾਕੁਰ ਸਿੰਘ ਜੀ ਜਿਹੜੇ 24 ਘੰਟਿਆਂ ਵਿਚੋਂ 18 ਘੰਟੇ ਗੁਰਬਾਣੀ ਵਿਚ ਗੁਜਾਰਦੇ ਸਨ। ਬਾਬਾ ਜੀ ਨੇ ਅੱਗੇ ਕਿਹਾ ਕਿ ਜੀਵ ਜਦੋਂ ਮਾਤਾ ਦੇ ਗਰਭ ਵਿਚ ਹੁੰਦਾ ਹੈ ਅਤੇ ਦੁਹਾਈਆ ਪਾਉਂਦਾ ਹੈ, ਮਾਤ ਲੋਕ ਵਿਚ ਆਉਣ ਲਈ ਅਤੇ ਬਚਨ ਕਰਕੇ ਆਉਂਦਾ ਹੈ ਕਿ ਮੈਂ ਮਾਤਲੋਕ ਵਿਚੋਂ ਆ ਕੇ ਵਾਹਿਗੁਰੂ ਕਾ ਸਿਮਰਨ ਕਰਾਂਗਾ, ਫਿਰ ਇਥੋਂ ਦੇ ਐਸਪ੍ਰਸਤੀ ਦੁਨਿਆਵੀ ਸੁੱਖਾਂ ਵਿਚ ਭੁਲ ਜਾਂਦਾ ਹੈ, ਕਿਉਂਕਿ ਜਿਹੜਾ ਬੰਦਾ ਜੁਬਾਨ ਕਰਕੇ ਜ਼ੁਬਾਨ ਤੋਂ ਫਿਰ ਜਾਂਦਾ ਹੈ, ਉਹ ਕੱਚੀ ਜੁਬਾਨ ਵਾਲਾ ਹੁੰਦਾ ਹੈ, ਇਸ ਕਰਕੇ ਲੋਕ ਉਸ ਨੂੰ ਚੰਗਾ ਨਹੀਂ ਸਮਝਦੇ। ਬਾਬਾ ਜੀ ਨੇ ਅੱਗੇ ਕਿਹਾ ਕਿ ਸੰਤ ਮਹਾਂਪੁਰਸ਼ ਸਾਨੂੰ ਗੁਰਬਾਣੀ ਨਾਲ ਜੋੜਦੇ ਹਨ। ਬਾਬਾ ਜੀ ਨੇ ਅੱਗੇ ਕਿਹਾ ਕਿ ਜਿਹੜਾ ਮਨੁੱਖ ਆਪਣੀ ਨੇਕ ਕਮਾਈ ਵਿਚੋਂ ਦਾਨ ਪੁੰਨ ਕਰਦਾ ਹੈ, ਉਸ ਨੂੰ ਬਹੁਤ ਵੱਡਾ ਫੱਲ ਮਿਲਦਾ ਹੈ ਅਤੇ ਦਾਨ ਧੁੰਨ ਦੇ ਨਾਲ—ਨਾਲ ਭਜਨ ਬਾਣੀ ਦਾ ਜਾਪ ਵੀ ਜ਼ਰੂਰ ਕਰਨਾ ਚਾਹੀਦਾ ਹੈ। ਬਾਬਾ ਜੀ ਨੇ ਇਕ ਅੰਗਰੇਜ਼ ਜੋ ਕਿ ਯੂ.ਕੇ ਵਿਚ ਰਹਿੰਦਾ ਸੀ, ਉਹ ਬਹੁਤ ਦਾਨ ਪੁੰਨ ਕਰਦਾ ਸੀ, ਜਦੋਂ ਉਸ ਦੀ ਮੌਤ ਹੋ ਗਈ ਤਾਂ ਉਹ ਪਰਲੋਕ ਵਿਚ ਚਲਾ ਗਿਆ ਅਤੇ ਉਸ ਨੂੰ ਸੋਨੇ ਦੇ ਮਹਿਲ ਵਿਚ ਰੱਖਿਆ, ਪਰ ਉਥੇ ਬਹੁਤ ਹਨੇਰਾ ਸੀ ਤਾਂ ਉਸ ਨੇ ਕਿਸੇ ਤੋਂ ਪੁਛਿਆ ਕਿ ਇਥੇ ਚਾਨਣ ਨਹੀਂ ਹੈ ਤਾਂ ਉਨ੍ਹਾਂ ਕਿਹਾ ਕਿ ਤੁਸੀਂ ਸਾਰੀ ਉਮਰ ਦਾਨ ਪੁੰਨ ਕੀਤਾ ਹੈ, ਪਰ ਨਾਮ ਜਪਿਆ ਤਾਂ ਉਨ੍ਹਾਂ ਰੋਸ਼ਨੀ ਬਾਰੇ ਜੁਗਤੀ ਪੁਛੀ ਤਾਂ ਉਨ੍ਹਾਂ ਕਿਹਾ ਕਿ ਤੁਹਾਡਾ ਕੋਈ ਰਿਸ਼ਤੇਦਾਰਾਂ ਜਾਂ ਲੜਕਾ ਤੁਹਾਡੇ ਨਾਮ ਦਾ ਨਾਮ ਸਿਮਰਨ ਕਰੇ ਤਾਂ ਤੁਹਾਡਾ ਹਨੇਰਾ ਦੂਰ ਹੋ ਸਕਦਾ ਹੈ ਅਤੇ ਉਹ ਅੰਗਰੇਜ਼ ਆਪਣੇ ਲਕੇ ਦੇ ਸੁਪਨੇ ਵਿਚ ਆਇਆ ਅਤੇ ਉਸ ਨੇ ਸਾਰੀ ਗੱਲ ਦਸੀ ਤਾਂ ਉਸ ਅੰਗਰੇਜ਼ ਦੇ ਲਕੇ ਦੇ ਪਾਦਰੀ ਨੂੰ ਪੈਸੇ ਦੇ ਕੇ ਉਨ੍ਹਾਂ ਦੇ ਨਾਮ ਦੇ ਨਾਮ ਸਿਮਰਨ ਕਰਵਾਏ ਤਾਂ 40 ਦਿਨਾਂ ਵਿਚ ਉਨ੍ਹਾਂ ਦਾ ਹਨੇਰਾ ਦੂਰ ਹੋ ਗਿਆ। ਇਹ ਹੈ ਨਾਮ ਸਿਮਰਨ ਦੀ ਤਾਕਤ, ਸਾਨੂੰ ਆਪਣੇ ਮਾਤਾ—ਪਿਤਾ ਜੋ ਇਸ ਸੰਸਾਰ ਨੂੰ ਛੱਡ ਗਏ ਹਨ, ਉਨ੍ਹਾਂ ਲਈ ਸੁਖਮਣੀ ਸਾਹਿਬ, ਆਖੰਡ ਪਾਠ ਹਰ ਸਾਲ ਦੀ ਸਾਲ ਜ਼ਰੂਰ ਕਰਵਾਓ। ਬਾਬਾ ਜੀ ਨੇ ਜ਼ੋਰ ਦੇ ਕੇ ਕਿਹਾ ਕਿ ਹਰ ਇਕ ਸਿੱਖ ਦੇ ਘਰ ਘੱਟੋ—ਘੱਟ ਚਾਰ ਪੰਜ ਬੱਚੇ ਜ਼ਰੂਰ ਹੋਣੇ ਚਾਹੀਦੇ ਹਨ, ਕਿਉਂਕਿ ਪਹਿਲੇ ਟਾਈਮ ਵਿਚ ਵੀ ਮਾਂ—ਬਾਪ 8 ਬੱਚੇ ਪਾਲਦੇ ਸੀ ਅਤੇ ਅੱਜ ਸਿਰਫ ਇਕ ਬੱਚਾ ਹੁੰਦਾ ਹੈ, ਉਹ ਵੀ ਬਾਹਰ ਚਲਾ ਜਾਂਦਾ ਹੈ ਅਤੇ ਪਿਛੇ ਕੋਈ ਮੋਢਾ ਦੇਣ ਵਾਲਾ ਵੀ ਨਹੀਂ ਬਚਦਾ। ਇਸ ਮੌਕੇ ਤੇ ਭਾਈ ਸੁਖਦੇਵ ਸਿੰਘ ਖਾਲਸਾ ਜੀ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਸ੍ਰੀਮਾਨ ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ ਮੁਖੀ ਦਮਦਮੀ ਟਕਸਾਲ (ਸੰਤ ਸਮਾਜ ਜੀ ਨੂੰ ਜੀ ਆਇਆ ਆਖਿਆ ਅਤੇ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ। ਇਸ ਮੌਕੇ ਤੇ ਬਾਬਾ ਸੁਖਜੀਤ ਸਿੰਘ ਖਾਲਸਾ ਫ਼ਿਰੋਜ਼ਪੁਰ, ਰਾਗੀ ਜਥੇ ਨੇ ਕੀਰਤਨ ਕੀਤਾ ਅਤੇ ਰਾਗੀ ਨਿਰਭੈ ਸਿੰਘ ਜੀ ਹਜ਼ੂਰੀ ਜਥਾ ਤਖਤ ਸ੍ਰੀ ਦਮਦਮੀ ਸਾਹਿਬ ਸਾਬੋ ਕੀ ਤਲਵੰਡੀ, ਰਾਗੀ ਲਵਪ੍ਰੀਤ ਸਿੰਘ ਹਜ਼ੂਰੀ ਰਾਗੀ ਗੁਰਦੁਆਰਾ ਸ੍ਰੀ ਗੁਰੂ ਨਾਨਕ ਸੰਤ ਸਾਹਿਬ ਪਿੰਡ ਝੋਕ ਮੋਹੜੇ ਨੇ ਕਥਾ ਕੀਰਤਨ ਕੀਤਾ। ਇਸ ਮੌਕੇ ਤੇ ਸੰਤਾਂ ਮਹਾਂਪੁਰਖਾਂ ਜਿਨ੍ਹਾਂ ਵਿਚ ਸ੍ਰੀਮਾਨ ਸੰਤ ਬਾਬਾ ਬੋਹੜ ਸਿੰਘ ਜੀ ਤੂਤਾਂ ਵਾਲੇ, ਬਾਬਾ ਸਤਨਾਮ ਸਿੰਘ ਵੱਲੀਆਂ ਗੁਰਦੁਆਰਾ ਭਾਈ ਲੱਧਾ ਜੀ ਵੱਲੀਆਂ, ਭਾਈ ਰਛਪਾਲ ਸਿੰਘ ਜਥੇਦਾਰ ਨੇ ਬਹੁਤ ਸੋਹਣਾ ਉਪਰਾਲਾ ਕੀਤਾ। ਇਸ ਮੌਕੇ ਜਥੇਦਾਰ ਸਵਰਣ ਸਿੰਘ ਮੱਲਾਂਵਾਲਾ, ਭਾਈ ਗੁਰਨਾਮ ਸਿੰਘ ਫ਼ਿਰੋਜ਼ਪੁਰ, ਬਾਬਾ ਸਤਿਨਾਮ ਸਿੰਘ ਡੇਰਾ ਕਾਰ ਸੇਵਾ ਗੁਰਦੁਆਰਾ ਜੰਡ ਸਾਹਿਬ, ਬਾਬਾ ਪ੍ਰਗਟ ਸਿੰਘ ਨੱਥੇਸ਼ਾਹ, ਹਸਨਦੀਪ ਸਿੰਘ ਕੈਨੇਡਾ, ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ, ਭਾਈ ਸੁਖਦੇਵ ਸਿੰਘ ਖਾਲਸਾ ਬੁੱਕਣ ਖਾਂ ਵਾਲਾ ਦਮਦਮੀ ਟਕਸਾਲ, ਜ਼ਸਵੀਰ ਸਿੰਘ ਉਸਮਾਨ ਵਾਲਾ, ਜਥੇਦਾਰ ਚਮਕੌਰ ਸਿੰਘ, ਬਾਪੂ ਜਗੀਰ ਸਿੰਘ, ਭਾਈ ਹਰਜਿੰਦਰ ਸਿੰਘ, ਭਾਈ ਅਮਰ ਸਿੰਘ ਮਧਰੇ, ਬਾਬਾ ਬਲਵਿੰਦਰ ਸਿੰਘ, ਜਥੇਦਾਰ ਗੁਰਮੀਤ ਸਿੰਘ ਕਿਸ਼ਨਗੜ੍ਹ, ਮਾਤਾ ਪੰਜਾਬ ਕੌਰ ਦਾ ਪਰਿਵਾਰ ਝੋਕ ਮੋਹੜੇ, ਬਲਰਾਜ ਸਿੰਘ ਜੈਲਦਾਰ, ਗੁਰਬਚਨ ਸਿੰਘ, ਪ੍ਰਿੰਸੀਪਲ ਵੀਰਪਾਲ ਸਿੰਘ, ਸੰਤ ਗਿਆਨੀ ਕਰਤਾਰ ਸਿੰਘ ਸਕੂਲ, ਬੁਰਜ ਮੱਖਣ ਸਿੰਘ ਵਾਲਾ, ਸੰਤ ਗਿਆਨੀ ਕਰਤਾਰ ਸਿੰਘ ਜੀ ਖਾਲਸਾ ਸੀਨੀਅਰ ਸੈਕੰਡਰੀ ਸਕਲ ਬੁਰਜ ਮੱਖਣ ਸਿੰਘ ਵਾਲਾ, ਗਿਆਨੀ ਸੁਖਜਿੰਦਰ ਸਿੰਘ ਤੋਂ ਇਲਾਵਾ ਪੱਤਰਕਾਰ ਮਨੋਹਰ ਲਾਲ ਤੋਂ ਇਲਾਵਾ ਹੋਰ ਵੀ ਬਹੁਤ ਸਾਰੀਆਂ ਸਖਸ਼ੀਅਤਾਂ ਨੂੰ ਬਾਬਾ ਜੀ ਨੇ ਸਨਮਾਨਿਤ ਕੀਤਾ। ਇਸ ਮੌਕੇ ਤੇ ਸਟੇਜ਼ ਦੀ ਸੇਵਾ ਭਾਈ ਸੁਖਦੇਵ ਸਿੰਘ ਖਾਲਸਾ ਮੁੱਖ ਬੁਲਾਰਾ ਦਮਦਮੀ ਟਕਸਾਲ ਨੇ ਬਹੁਤ ਹੀ ਸੁਚੱਜੇ ਢੰਗ ਨਾਲ ਨਿਭਾਈ। ਇਸ ਮੌਕੇ ਤੇ ਗੁਰੂ ਕਾ ਲੰਗਰ ਮਿਠਾਈਆਂ ਦੇ ਲੰਗਰ ਅਤੁੱਟ ਵਰਤਾਏ ਗਏ।

# ਭਾਈ ਅੰਮ੍ਰਿਤਪਾਲ ਸਿੰਘ ਤੇ ਸਾਥੀਆਂ ਦੀ ਤਿੰਨ ਮਹੀਨੇ ਦੀ ਐਨ.ਐਸ.ਏ. ਵਧਾਉਣ ਦੀ ਫ਼ੈਡਰੇਸ਼ਨ ਭਿੰਡਰਾਂਵਾਲਾ ਵੱਲੋਂ ਨਿਖੇਧੀ

## ਪਰਚੇ ਦਰਜ਼ ਕਰਕੇ ਮੋਰਚੇ ਨੂੰ ਖਰਾਬ ਕਰਨਾ ਚਾਹੁੰਦੀ ਹੈ ਸਰਕਾਰ



**ਅੰਮ੍ਰਿਤਸਰ, 19 ਮਾਰਚ (ਆਵਾਜ਼ਿ ਕੌਮ ਬਿਊਰੋ )-** ਸਿੱਖ ਪ੍ਰਚਾਰਕ, ਪੰਥਕ ਲੇਖਕ ਅਤੇ ਸਿੱਖ ਯੂਥ ਫ਼ੈਡਰੇਸ਼ਨ ਭਿੰਡਰਾਂਵਾਲਾ ਦੇ ਪ੍ਰਧਾਨ ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਵਾਰਿਸ ਪੰਜਾਬ ਦੇ ਮੁਖੀ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਦੀ ਤਿੰਨ ਮਹੀਨੇ ਦੀ ਐਨ.ਐਸ.ਏ. ਵਧਾਉਣ ਦੀ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਉਹਨਾਂ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਅਤੇ ਸਾਥੀਆਂ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਤੋਂ ਪੰਜਾਬ ਤਬਦੀਲ ਕਰਨ ਲਈ ਤਕਰੀਬਨ ਇੱਕ ਮਹੀਨੇ ਤੋਂ ਸ੍ਰੀ ਅੰਮ੍ਰਿਤਸਰ ਵਿਖੇ ਉਹਨਾਂ ਦੇ ਪਰਿਵਾਰਾਂ ਵੱਲੋਂ ਮੋਰਚਾ ਚੱਲ ਰਿਹਾ ਹੈ ਪਰ ਸਰਕਾਰ ਜੁਲਮੀ ਵਤੀਰਾ ਧਾਰਨ ਕਰੀ ਬੈਠੀ ਹੈ ਕਿ ਉਹਨਾਂ ਨੇ ਅੰਮ੍ਰਿਤਪਾਲ ਸਿੰਘ ਨੂੰ ਪੰਜਾਬ ਦੀ ਜੇਲ੍ਹ 'ਚ ਤਬਦੀਲ ਕਰਨ ਦੀ ਬਜਾਏ ਉਹਨਾਂ ਦੀ ਤਿੰਨ ਮਹੀਨੇ ਐਨ.ਐਸ.ਏ. ਹੋਰ ਵਧਾ ਕੇ ਘਟੀਆ ਕਾਰਾ ਕੀਤਾ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਪੰਜਾਬ ਸਰਕਾਰ ਅਤੇ ਪੁਲਿਸ ਪ੍ਰਸ਼ਾਸਨ ਦੀ ਇਸ ਗੱਲ ਦੀ ਵੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਗਈ ਹੈ ਕਿ 17 ਤਰੀਕ ਦੇ ਇਕੱਠ ਵਿੱਚ ਸਿੱਖ ਨੌਜਵਾਨਾਂ ਅਤੇ ਸੀ.ਆਈ.ਡੀ. ਵਾਲਿਆਂ 'ਚ ਹੋਏ ਮਾਮੂਲੀ ਝਗੜੇ ਨੂੰ ਲੈ ਕੇ ਪੁਲਿਸ ਪ੍ਰਸ਼ਾਸਨ ਨੇ ਦਸ ਸਿੱਖ ਨੌਜਵਾਨਾਂ 'ਤੇ ਪਰਚੇ ਦਰਜ ਕਰ ਦਿੱਤੇ ਹਨ ਤਾਂ ਜੋ ਸਿੱਖ ਨੌਜਵਾਨਾਂ ਦੇ ਵਿੱਚ ਦਹਿਸ਼ਤ ਦਾ ਮਾਹੌਲ ਪਸਰਿਆ ਜਾਵੇ, ਸਰਕਾਰ ਮੋਰਚੇ ਨੂੰ ਖ਼ਰਾਬ ਕਰਨਾ ਚਾਹੁੰਦੀ ਹੈ। ਉਹਨਾਂ ਕਿਹਾ ਕਿ ਮੇਰੇ ਸਮੇਤ ਬਹੁਤ ਸਾਰੇ ਸਿੱਖ ਨੌਜਵਾਨਾਂ ਅਤੇ ਆਗੂਆਂ ਦੇ ਘਰਾਂ ਵਿੱਚ ਪੁਲਿਸ ਛਾਪੇਮਾਰੀ ਕਰਕੇ, ਕੁਝ ਨੂੰ ਘਰਾਂ ਵਿੱਚ ਨਜ਼ਰਬੰਦ ਕਰਕੇ ਸਰਕਾਰ ਸਾਡੀ ਆਵਾਜ਼ ਨੂੰ ਦਬਾਉਣਾ ਚਾਹੁੰਦੀ ਹੈ, ਇਹ ਲੋਕਤੰਤਰ ਦਾ ਘਾਣ ਅਤੇ ਮਨੁੱਖੀ ਹੱਕਾਂ 'ਤੇ ਡਾਕਾ ਹੈ। ਉਹਨਾਂ ਕਿਹਾ ਕਿ ਪੁਲਿਸ ਪ੍ਰਸ਼ਾਸਨ ਅਤੇ ਪੰਜਾਬ ਸਰਕਾਰ ਦੀ ਇਹ ਧੱਕੇਸ਼ਾਹੀ ਖਾਲਸਾ ਪੰਥ ਬਰਦਾਸ਼ਤ ਨਹੀਂ ਕਰੇਗਾ। ਭਾਈ ਰਣਜੀਤ ਸਿੰਘ ਨੇ ਕਿਹਾ ਕਿ ਅੰਮ੍ਰਿਤ ਛਕਾਉਣਾ, ਨਸ਼ੇ ਛਡਾਉਣਾ, ਸਿੱਖੀ ਦਾ ਪ੍ਰਚਾਰ ਕਰਨਾ ਹੀ ਸਰਕਾਰਾਂ ਦੀ ਨਿਗ੍ਹਾ ਦੇ ਵਿੱਚ ਗੁਨਾਹ ਬਣ ਗਿਆ ਹੈ। ਭਾਈ ਰਣਜੀਤ ਸਿੰਘ ਦਮਦਮੀ ਟਕਸਾਲ ਨੇ ਕਿਹਾ ਕਿ ਚਾਹੇ ਕਾਂਗਰਸੀ, ਭਾਜਪਾਈ, ਬਾਦਲਕੇ ਤੇ ਝਾੜੂ ਪਾਰਟੀ ਵਾਲੇ ਹੋਣ ਕੋਈ ਵੀ ਪੰਥ ਅਤੇ ਪੰਜਾਬ ਦਾ ਹਿਤੈਸ਼ੀ ਨਹੀਂ, ਸਾਰੇ ਹੀ ਪੰਥ ਅਤੇ ਪੰਜਾਬ ਨੂੰ ਲੁੱਟਣ ਕੁੱਟਣ ਵਾਲੇ ਹਨ। ਉਹਨਾਂ ਕਿਹਾ ਕਿ ਜਿਸ ਸਮੇਂ ਭਾਈ ਅੰਮ੍ਰਿਤਪਾਲ ਸਿੰਘ ਸਿੱਖੀ ਦਾ ਪ੍ਰਚਾਰ ਕਰ ਰਹੇ ਸਨ ਉਸ ਸਮੇਂ ਹਰਸਿਮਰਤ ਕੌਰ ਬਾਦਲ ਅਤੇ ਬਿਕਰਮਜੀਤ ਸਿੰਘ ਮਜੀਠੀਆ ਨੇ ਸਭ ਤੋਂ ਵੱਧ ਵਿਰੋਧ ਕੀਤਾ ਸੀ ਅਤੇ ਉਹਨਾਂ ਨੇ ਭਾਈ ਅੰਮ੍ਰਿਤਪਾਲ ਸਿੰਘ ਨੂੰ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਬੰਦ ਕਰਵਾ ਕੇ ਹੀ ਸਾਹ ਲਿਆ ਪਰ ਅੱਜ ਇਹ ਵੋਟਾਂ ਲੈਣ ਲਈ ਸਿੱਖ ਨੌਜਵਾਨਾਂ ਨੂੰ ਗੁੰਮਰਾਹ ਕਰ ਰਹੇ ਹਨ ਪਰ ਇਹਨਾਂ ਦਾ ਕੋਝਾ ਚਿਹਰਾ ਖਾਲਸਾ ਪੰਥ ਦੇ ਸਾਹਮਣੇ ਨੰਗਾ ਹੋ ਚੁੱਕਾ ਹੈ। ਉਹਨਾਂ ਕਿਹਾ ਕਿ ਭਾਈ ਅੰਮ੍ਰਿਤ ਪਾਲ ਸਿੰਘ ਦੀ ਅਤੇ ਸਾਥੀਆਂ ਦੀ ਐਨ.ਐਸ.ਏ. ਵਧਣ 'ਤੇ ਬਾਦਲਕੇ,ਕਾਂਗਰਸੀ, ਝਾੜੂ ਪਾਰਟੀ ਅਤੇ ਭਾਜਪਾਈ ਦੇ ਖੁਸ਼ ਹਨ। ਉਹਨਾਂ ਸਿੱਖ ਸੰਗਤਾਂ ਨੂੰ ਅਪੀਲ ਕੀਤੀ ਕਿ ਹਰ ਸਿੱਖ ਨੌਜਵਾਨ ਤੇ ਸੰਗਤਾਂ ਭਾਈ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਲਈ ਆਵਾਜ਼ ਬੁਲੰਦ ਕਰਨ।



# ਗੁਰੂ ਨਾਨਕ ਗੁਰਦੁਆਰਾ

## ਵੇਲ ਲੇਨ, ਵੈਨਜਫੀਲਡ ਵੁਲਵਰਹੈਂਪਟਨ



ਵੈਡਨਸਫੀਲਡ ਦੀ ਸਮੂਹ ਸਾਧ ਸੰਗਤ ਵੱਲੋਂ

## ਬੰਦੀ ਸਿੰਘਾ ਦੀ ਰਿਹਾਈ ਲਈ ਅਰਦਾਸ ਸਮਾਗਮ

**24 ਮਾਰਚ, 2024 (ਦਿਨ ਐਤਵਾਰ)**

ਸ੍ਰੀ ਅਖੰਡ ਪਾਠ ਸਾਹਿਬ 22 ਮਾਰਚ ਨੂੰ ਸਵੇਰੇ 10 ਵਜੇ ਰੱਖੇ ਜਾਣਗੇ ਅਤੇ 24 ਮਾਰਚ ਨੂੰ ਸਵੇਰੇ 10 ਵਜੇ ਭੋਗ ਪੈਣਗੇ। ਉਪਰੰਤ ਧਾਰਿਮਕ ਦੀਵਾਨ ਸਜਣਗੇ



ਜ਼ਰੂਰੀ ਨੋਟ :- ਸਾਰੀਆਂ ਸੰਗਤਾਂ ਅਤੇ ਸਮੂਹ ਪੰਥਕ ਜਥੇਬੰਦੀਆਂ ਨੂੰ ਇਸ ਸਮਾਗਮ ਵਿੱਚ ਹਾਜਰੀ ਭਰਨ ਦਾ ਸੱਦਾ ਦਿੱਤਾ ਜਾਂਦਾ ਹੈ।

☛ਗੁਰੂ ਕਾ ਲੰਗਰ ਅਤੁੱਟ ਵਰਤੇਗਾ।

# GURU NANAK GURDWARA

**Well Lane, Wednesfield, Wolverhampton, England (U.K.) Post Code : WV11 1XT**

ਵਧੇਰੇ ਜਾਣਕਾਰੀ ਲਈ ਸੰਪਰਕ ਕਰੋ

ਭਾਈ ਪਰਮਜੀਤ ਸਿੰਘ ਢਾਡੀ
+44 7917 353349

ਆਵਾਜ਼ਿ ਕੌਮ AWAZE QAUM International Newspaper & WEB TV